ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਐਤਵਾਰ, 20 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, 4 ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




ਸੇਵਾ ਦੇ ਪੁੰਜ ਭਾਈ ਘਨੱਈਆ ਜੀ

(ਅੱਜ ਬਰਸੀ 'ਤੇ ਵਿਸ਼ੇਸ਼) ਪੰਨਾ 6

# ਥਾਈਲੈਂਡ 'ਚ ਬਜ਼ੁਰਗ ਸਿੱਖ ਨਾਲ ਕੁੱਟਮਾਰ

# ਔਰਤਾਂ 'ਤੇ ਦਸਤਾਰ ਲਾਹੁਣ ਦੇ ਗੰਭੀਰ ਦੋਸ਼

**ਬੈਂਕਾਕ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ 'ਤੇ ਥਾਈਲੈਂਡ ਦੀ ਇੱਕ ਵੀਡੀਓ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿੱਚ ਔਰਤਾਂ ਨੂੰ ਕਥਿਤ ਤੌਰ 'ਤੇ ਇੱਕ ਬਜ਼ੁਰਗ ਸਿੱਖ ਵਿਅਕਤੀ ਨਾਲ ਕੁੱਟਮਾਰ ਕਰਦੇ ਹੋਏ ਦੇਖਿਆ ਜਾ ਸਕਦਾ ਹੈ। ਵੀਡੀਓ ਵਿੱਚ ਔਰਤਾਂ ਨੂੰ ਬਜ਼ੁਰਗ ਦੀ ਪੱਗ ਲਾਹੁੰਦੇ ਹੋਏ ਵੀ ਦਿਖਾਇਆ ਗਿਆ ਹੈ। ਇਸ ਵੀਡੀਓ ਦੇ ਸਾਹਮਣੇ ਆਉਣ ਤੋਂ ਬਾਅਦ ਆਨਲਾਈਨ ਕਈ ਤਰ੍ਹਾਂ ਦੀਆਂ ਪ੍ਰਤੀਕਿਰਿਆਵਾਂ ਦੇਖਣ ਨੂੰ ਮਿਲ ਰਹੀਆਂ ਹਨ। ਵਾਇਰਲ ਵੀਡੀਓ ਦੇ ਨਾਲ ਚੱਲ ਰਹੇ ਦਾਅਵਿਆਂ ਅਨੁਸਾਰ, ਬਜ਼ੁਰਗ ਸਿੱਖ ਵਿਅਕਤੀ ਅਤੇ ਔਰਤਾਂ ਵਿਚਕਾਰ ਕਥਿਤ ਦੁਰਵਿਵਹਾਰ ਨੂੰ ਲੈ ਕੇ ਝਗੜਾ ਹੋਇਆ ਸੀ। ਮਾਮਲਾ ਜ਼ੁਬਾਨੀ ਬਹਿਸ ਤੋਂ ਵਧ ਕੇ ਉੱਥੇ ਮੌਜੂਦ ਔਰਤਾਂ ਅਤੇ ਬਜ਼ੁਰਗ ਵਿਅਕਤੀ ਵਿਚਕਾਰ



ਸਰੀਰਕ ਝੜਪ ਵਿੱਚ ਬਦਲ ਗਿਆ। ਹਾਲਾਂਕਿ, ਵਾਇਰਲ ਵੀਡੀਓ ਵਿੱਚ ਦਿਖਾਈ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਅਜੇ ਸਪੱਸ਼ਟ ਨਹੀਂ ਹੈ। ਇਸ ਬਾਰੇ ਕੋਈ ਸੁਤੰਤਰ ਪੁਸ਼ਟੀ ਨਹੀਂ ਹੋਈ ਹੈ ਕਿ ਵੀਡੀਓ ਕਦੋਂ ਜਾਂ ਕਿੱਥੇ ਰਿਕਾਰਡ ਕੀਤੀ ਗਈ ਸੀ। ਸ਼ੁਰੂਆਤੀ ਝਗੜੇ ਦਾ ਅਸਲ ਕਾਰਨ ਅਜੇ ਵੀ ਅਸਪਸ਼ਟ ਹੈ। ਹੁਣ ਤੱਕ, ਵਾਇਰਲ ਵੀਡੀਓ ਅਤੇ ਕਥਿਤ ਘਟਨਾ ਬਾਰੇ ਸਥਾਨਕ ਥਾਈ ਪ੍ਰਸ਼ਾਸਨ ਜਾਂ ਪੁਲਿਸ ਵੱਲੋਂ ਕੋਈ ਅਧਿਕਾਰਤ ਬਿਆਨ ਨਹੀਂ ਆਇਆ ਹੈ। ਇਸ ਲਈ, ਵੀਡੀਓ ਦੀ ਪ੍ਰਮਾਣਿਕਤਾ, ਘਟਨਾ ਦੀ ਸਹੀ ਥਾਂ ਅਤੇ ਇਸ ਵਿੱਚ ਸ਼ਾਮਲ ਲੋਕਾਂ ਦੀ ਪਛਾਣ ਅਜੇ ਤੱਕ ਤਸਦੀਕ ਨਹੀਂ ਹੋਈ ਹੈ। ਸਿਰਫ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ ਦੇ ਆਧਾਰ 'ਤੇ ਘਟਨਾ ਦੇ ਕਾਰਨਾਂ ਜਾਂ ਸ਼ਾਮਲ ਵਿਅਕਤੀਆਂ ਬਾਰੇ ਕੋਈ ਪੱਕਾ ਸਿੱਟਾ ਕੱਢਣਾ ਉਚਿਤ ਨਹੀਂ ਹੋਵੇਗਾ। ਸਥਿਤੀ ਤਾਂ ਹੀ ਸਪੱਸ਼ਟ ਹੋਵੇਗੀ ਜਦੋਂ ਅਧਿਕਾਰਤ ਜਾਣਕਾਰੀ ਜਾਰੀ ਕੀਤੀ ਜਾਵੇਗੀ। ਸੋਸ਼ਲ ਮੀਡੀਆ 'ਤੇ ਬਹੁਤ ਸਾਰੇ ਲੋਕਾਂ ਨੇ ਵੀਡੀਓ ਦੇ ਉਨ੍ਹਾਂ ਦ੍ਰਿਸ਼ਾਂ 'ਤੇ ਗੁੱਸਾ ਜ਼ਾਹਰ ਕੀਤਾ ਹੈ ਜਿਨ੍ਹਾਂ ਵਿੱਚ ਬਜ਼ੁਰਗ ਸਿੱਖ ਵਿਅਕਤੀ ਦੀ ਪੱਗ ਲਾਹੀ ਜਾ ਰਹੀ ਹੈ। ਹਾਲਾਂਕਿ, ਘਟਨਾ ਦੇ ਪੂਰੇ ਸੰਦਰਭ ਅਤੇ ਹਾਲਾਤਾਂ ਬਾਰੇ ਸਪੱਸ਼ਟਤਾ ਦੀ ਘਾਟ ਕਾਰਨ, ਸਿਰਫ਼ ਵਾਇਰਲ ਫੁਟੇਜ ਦੇ ਆਧਾਰ 'ਤੇ ਪੂਰੀ ਘਟਨਾ ਬਾਰੇ ਕੋਈ ਸਿੱਟਾ ਕੱਢਣਾ ਸੰਭਵ ਨਹੀਂ ਹੈ।





## ਡੀ.ਐੱਮ. ਖ਼ੁਦਕੁਸ਼ੀ ਮਾਮਲਾ, ਸਾਬਕਾ ਮੰਤਰੀ ਭੁੱਲਰ ਦੇ ਪਿਤਾ ਤੇ ਪੀ.ਏ. ਦੀ ਅਗਾਊਂ ਜ਼ਮਾਨਤ ਹਾਈਕੋਰਟ ਵਲੋਂ ਰੱਦ

**ਚੰਡੀਗੜ੍ਹ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਾਈ ਕੋਰਟ ਨੇ ਤਰਨਤਾਰਨ ਵਿੱਚ ਪੰਜਾਬ ਵੇਅਰਹਾਊਸਿੰਗ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਖ਼ੁਦਕੁਸ਼ੀ ਦੇ ਮਾਮਲੇ ਵਿੱਚ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਅਤੇ ਉਨ੍ਹਾਂ ਦੇ ਨਿੱਜੀ ਸਹਾਇਕ ਦਿਲਬਾਗ ਸਿੰਘ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਖਾਰਜ ਕਰ ਦਿੱਤੀ ਹੈ। ਇਸ ਮਾਮਲੇ ਦੀ ਸੁਣਵਾਈ ਸ਼ੁੱਕਰਵਾਰ ਨੂੰ ਜਸਟਿਸ ਅਮਨ ਚੌਧਰੀ ਦੀ ਅਦਾਲਤ ਵਿੱਚ ਹੋਈ। ਇਹ ਘਟਨਾ 21 ਮਾਰਚ ਦੀ ਹੈ, ਗਗਨਦੀਪ ਸਿੰਘ ਰੰਧਾਵਾ ਨੇ ਵੀਡੀਓ ਬਣਾਉਂਦੇ ਸਮੇਂ ਜ਼ਹਿਰੀਲਾ ਪਦਾਰਥ ਖਾ ਲਿਆ ਸੀ। ਖ਼ੁਦਕੁਸ਼ੀ ਤੋਂ ਪਹਿਲਾਂ ਬਣਾਈ ਗਈ ਵੀਡੀਓ ਵਿੱਚ ਉਨ੍ਹਾਂ ਨੇ ਦੋਸ਼ ਲਾਇਆ ਸੀ ਕਿ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ, ਉਨ੍ਹਾਂ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਅਤੇ ਪੀਏ ਦਿਲਬਾਗ ਸਿੰਘ ਨੇ ਉਨ੍ਹਾਂ ਨਾਲ ਕੁੱਟਮਾਰ ਕੀਤੀ ਸੀ ਅਤੇ ਉਨ੍ਹਾਂ 'ਤੇ ਦਬਾਅ ਪਾਇਆ ਸੀ। ਇਸ ਤੋਂ ਬਾਅਦ ਅੰਮ੍ਰਿਤਸਰ ਪੁਲਿਸ ਨੇ ਇਨ੍ਹਾਂ ਤਿੰਨਾਂ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਸੀ। ਘਟਨਾ ਤੋਂ ਬਾਅਦ ਲਾਲਜੀਤ ਸਿੰਘ ਭੁੱਲਰ ਨੇ ਆਪਣੇ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ ਅਤੇ ਬਾਅਦ ਵਿੱਚ ਆਤਮ-ਸਮਰਪਣ ਕਰ ਦਿੱਤਾ ਸੀ। ਇਸ ਦੌਰਾਨ, ਸੁਖਦੇਵ ਸਿੰਘ ਭੁੱਲਰ ਅਤੇ ਦਿਲਬਾਗ ਸਿੰਘ ਪੁਲਿਸ ਹਿਰਾਸਤ ਤੋਂ ਬਾਹਰ ਹਨ। ਦੋਵਾਂ ਨੇ ਪਹਿਲਾਂ ਸਥਾਨਕ ਅਦਾਲਤ ਅਤੇ ਬਾਅਦ ਵਿੱਚ ਜ਼ਿਲ੍ਹਾ ਅਤੇ ਸੈਸ਼ਨ ਅਦਾਲਤ ਵਿੱਚ ਅਗਾਊਂ ਜ਼ਮਾਨਤ ਲਈ ਅਰਜ਼ੀਆਂ ਦਾਇਰ ਕੀਤੀਆਂ ਸਨ ਪਰ ਉਨ੍ਹਾਂ ਨੂੰ ਕੋਈ ਰਾਹਤ ਨਹੀਂ ਮਿਲੀ।

## ਪਠਾਨਕੋਟ 'ਚ ਵੱਡੀ ਹਲਚਲ, UBDC ਨਹਿਰ 'ਚੋਂ ਮਿਲਿਆ ਜ਼ਿੰਦਾ ਬੰਬ ਸ਼ੈੱਲ; ਸੀਲ ਕੀਤਾ ਇਲਾਕਾ !

ਪਠਾਨਕੋਟ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)-ਪਠਾਨਕੋਟ ਵਿੱਚ ਸੁਜਾਨਪੁਰ-ਜੁਗਿਆਲ ਰੋਡ 'ਤੇ ਸਥਿਤ UBDC (ਅੱਪਰ ਬਾਰੀ ਦੋਆਬ ਨਹਿਰ) ਵਿੱਚ ਮਿਜ਼ਾਈਲ ਵਰਗੀ ਇੱਕ ਵਸਤੂ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਨੂੰ ਚੌਕਸ ਕਰ ਦਿੱਤਾ ਗਿਆ। ਸ਼ਾਹਪੁਰ ਗੇਟ ਦੇ ਰਹਿਣ ਵਾਲੇ ਇੱਕ ਨੌਜਵਾਨ ਨੇ, ਜੋ ਸ਼ਨੀਵਾਰ ਨੂੰ ਆਪਣੀ ਫੈਕਟਰੀ ਦੀ ਨੌਕਰੀ ਤੋਂ ਘਰ ਪਰਤ ਰਿਹਾ ਸੀ, ਸਭ ਤੋਂ ਪਹਿਲਾਂ ਇਸਨੂੰ ਦੇਖਿਆ। ਇਸਨੂੰ ਦੇਖ ਕੇ ਹੈਰਾਨ ਹੋਏ ਉਸ ਨੌਜਵਾਨ ਨੇ ਨਹਿਰ ਵਿੱਚ ਮੱਛੀਆਂ ਨੂੰ ਦਾਣਾ ਪਾਉਣ ਆਏ ਇੱਕ ਹੋਰ ਨੌਜਵਾਨ ਅਤੇ ਨੇੜਲੇ ਹੋਰ ਸਥਾਨਕ ਲੋਕਾਂ ਨੂੰ ਇਸ ਬਾਰੇ ਸੁਚੇਤ ਕੀਤਾ। ਸਥਾਨਕ ਲੋਕਾਂ ਨੇ 112 ਹੈਲਪਲਾਈਨ 'ਤੇ ਕਾਲ ਕਰਕੇ ਪੁਲਿਸ ਨੂੰ ਸੂਚਿਤ ਕੀਤਾ। ਇਸ ਤੋਂ ਬਾਅਦ ਸੁਜਾਨਪੁਰ ਪੁਲਿਸ ਮੌਕੇ 'ਤੇ ਪਹੁੰਚੀ। ਸੂਚਨਾ ਮਿਲਣ 'ਤੇ ਭਾਰਤੀ ਫੌਜ ਦੀ ਇੱਕ ਟੀਮ ਵੀ ਉੱਥੇ ਪਹੁੰਚੀ ਅਤੇ ਜਾਂਚ ਸ਼ੁਰੂ ਕੀਤੀ। ਇਸ ਦੌਰਾਨ ਬੰਬ ਨਕਾਰਾ ਕਰਨ ਵਾਲਾ ਦਸਤਾ (ਬੰਬ ਡਿਸਪੋਜ਼ਲ ਸਕੁਐਡ) ਵੀ ਮੌਕੇ 'ਤੇ ਪਹੁੰਚ ਗਿਆ ਹੈ, ਜਿਸ ਨੇ ਸੁਰੱਖਿਆ ਘੇਰਾ ਬਣਾ ਲਿਆ ਹੈ ਅਤੇ ਆਪਣੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪਠਾਨਕੋਟ ਦੇ ਐਸ.ਐਸ.ਪੀ. ਮਨਪ੍ਰੀਤ ਸਿੰਘ ਨੇ ਦੱਸਿਆ ਕਿ UBDC ਵਿੱਚ ਇੱਕ ਬੰਬ ਸ਼ੈੱਲ ਮਿਲਿਆ ਹੈ, ਜੋ ਪੁਰਾਣਾ ਜਾਪਦਾ ਹੈ। ਅਜਿਹਾ ਲੱਗਦਾ ਹੈ ਕਿ ਇਹ ਪਾਣੀ ਦੇ ਤੇਜ਼ ਵਹਾਅ ਕਾਰਨ ਕਿਸੇ ਸਮੇਂ ਰੁੜ੍ਹ ਕੇ ਇੱਥੇ ਆ ਗਿਆ ਸੀ ਅਤੇ ਪਾਣੀ ਦਾ ਪੱਧਰ ਘਟਣ ਤੋਂ ਬਾਅਦ ਹੀ ਇਹ ਦਿਖਾਈ ਦਿੱਤਾ। ਫੌਜ ਦੀ ਬੰਬ ਨਕਾਰਾ ਕਰਨ ਵਾਲੀ ਟੀਮ ਨੂੰ ਸੂਚਿਤ ਕਰ ਦਿੱਤਾ ਗਿਆ ਹੈ; ਉਹ ਇਸ ਸ਼ੈੱਲ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਨਕਾਰਾ ਕਰਨਗੇ। ਘਟਨਾ ਬਾਰੇ ਵੇਰਵੇ ਦਿੰਦੇ ਹੋਏ, ਚਸ਼ਮਦੀਦ ਗਵਾਹ ਮੋਹਨ ਲਾਲ ਜੋ ਸੁਜਾਨਪੁਰ ਦੇ ਸ਼ਾਹਪੁਰ ਗੇਟ ਦਾ ਵਸਨੀਕ ਹੈ ਨੇ ਦੱਸਿਆ ਕਿ ਉਹ ਫੈਕਟਰੀ ਵਿੱਚ ਆਪਣੀ ਸ਼ਿਫਟ ਖਤਮ ਕਰਕੇ ਘਰ ਪਰਤ ਰਿਹਾ ਸੀ। ਹੱਥ-ਮੂੰਹ ਧੋਣ ਲਈ ਪਾਣੀ ਕੋਲ ਰੁਕਣ 'ਤੇ ਉਸ ਨੇ ਪਾਣੀ ਵਿੱਚ ਡੁੱਬੀ ਹੋਈ ਇੱਕ ਸ਼ੱਕੀ ਵਸਤੂ ਦੇਖੀ। ਇਹ ਦੇਖ ਕੇ ਕਿ ਵਸਤੂ ਮਿਜ਼ਾਈਲ ਜਾਂ ਜ਼ਿੰਦਾ ਬੰਬ ਵਰਗੀ ਲੱਗ ਰਹੀ ਸੀ, ਉਸਨੇ ਤੁਰੰਤ ਬਿਨਾਂ ਕਿਸੇ ਦੇਰੀ ਦੇ 112 ਹੈਲਪਲਾਈਨ ਰਾਹੀਂ ਪੁਲਿਸ ਕੰਟਰੋਲ ਰੂਮ ਨਾਲ ਸੰਪਰਕ ਕੀਤਾ। ਸੂਚਨਾ ਮਿਲਣ 'ਤੇ ਏ.ਐਸ.ਆਈ. ਜਸਪਾਲ ਸਿੰਘ ਦੀ ਅਗਵਾਈ ਵਾਲੀ ਪੁਲਿਸ ਟੀਮ ਤੁਰੰਤ ਮੌਕੇ 'ਤੇ ਪਹੁੰਚੀ। ਸੁਰੱਖਿਆ ਨੂੰ ਪਹਿਲ ਦਿੰਦੇ ਹੋਏ, ਪੁਲਿਸ ਨੇ ਸ਼ੱਕੀ ਵਸਤੂ ਨੂੰ ਸਿੱਧੇ ਛੂਹਣ ਦੀ ਬਜਾਏ ਪੂਰੇ ਇਲਾਕੇ ਨੂੰ ਸੀਲ ਕਰ ਦਿੱਤਾ ਅਤੇ ਤੁਰੰਤ ਬੰਬ ਨਕਾਰਾ ਕਰਨ ਵਾਲੇ ਦਸਤੇ ਨੂੰ ਬੁਲਾ ਲਿਆ।

## ਮੁੱਖ ਮੰਤਰੀ ਭਗਵੰਤ ਮਾਨ ਦੇ ਕਾਫਲੇ ਤੇ ਸਾਬਕਾ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸੁੱਟੇ ਆਂਡੇ ! ਗ੍ਰਿਫ਼ਤਾਰ



**ਚੰਡੀਗੜ੍ਹ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੀ.ਏ.ਯੂ. ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਪਹੁੰਚਣ ਤੋਂ ਠੀਕ ਪਹਿਲਾਂ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਅੱਜ ਪੀ.ਏ.ਯੂ. ਦੇ ਗੇਟ ਨੰਬਰ 8 ਦੇ ਬਾਹਰ ਮੁੱਖ ਮੰਤਰੀ ਲਈ ਸ਼ਰਾਬ ਦੀ ਬੋਤਲ, ਟਮਾਰਟਰ ਅਤੇ ਆਂਡੇ ਲੈ ਕੇ ਪੁੱਜੇ। ਇਸ ਮੌਕੇ ਹੱਥਾਂ ਵਿੱਚ ਬੋਤਲ ਅਤੇ ਟਮਾਟਰ ਫੜ੍ਹੇ ਹੋਏ ਰਵਨੀਤ ਬਿੱਟੂ ਨੇ ਕਿਹਾ ਕਿ ਮੁੱਖ ਮੰਤਰੀ ਆਪਣੀ ਸ਼ਰਾਬ ਦਾ ਆਨੰਦ ਲੈਣ ਅਤੇ ਅਰਵਿੰਦ ਕੇਜਰੀਵਾਲ ਨੂੰ ਦਿੱਲੀ ਤੋਂ ਸੂਬੇ ਉੱਤੇ ਰਾਜ ਕਰਨ ਦੇਣ। ਪੀ.ਏ.ਯੂ. ਦੇ ਗੇਟ ਨੰਬਰ 8 ਦੇ ਬਾਹਰ ਇੱਕ ਕਾਹਲੀ ਵਿੱਚ ਬੁਲਾਈ ਗਈ ਪ੍ਰੈੱਸ ਕਾਨਫਰੰਸ ਵਿੱਚ ਬਿੱਟੂ ਨੇ ਕਿਹਾ ਕਿ ਉਹ ਬਾਕੀ ਬਚੇ ਆਂਡੇ ਅਤੇ ਟਮਾਟਰ ਵੀ ਲੈ ਕੇ ਆਏ ਹਨ, ਜੋ ਉਨ੍ਹਾਂ ਦੇ ਪਾਰਟੀ ਵਰਕਰਾਂ ਨੇ ਕੱਲ੍ਹ ਉਨ੍ਹਾਂ ਦੇ ਕਾਫ਼ਲੇ 'ਤੇ ਸੁੱਟੇ ਸਨ। ਇਸ ਡਰੋਂ ਕਿ ਸੱਤਾਧਾਰੀ ਪਾਰਟੀ ਸੁਰੱਖਿਆ ਕਾਰਨਾਂ ਕਰਕੇ ਉਸਨੂੰ ਮੀਡੀਆ ਨਾਲ ਗੱਲ ਨਾ ਕਰਨ ਦੇਵੇ, ਮੁੱਖ ਮੰਤਰੀ ਦੇ ਆਉਣ ਤੋਂ ਕੁਝ ਮਿੰਟ ਪਹਿਲਾਂ ਬਿੱਟੂ ਨੇ ਆਪਣੀ ਮੀਡੀਆ ਟੀਮ ਰਾਹੀਂ ਇਸ ਘਟਨਾ ਨੂੰ ਕਵਰ ਕਰਨ ਲਈ ਸੁਨੇਹੇ ਭੇਜੇ। ਬਿੱਟੂ ਨੇ ਇਹ ਵੀ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਯਾਤਰਾ ਦਾ ਸੱਤਾਧਾਰੀ ਪਾਰਟੀ 'ਆਪ' ਵੱਲੋਂ ਕਾਲੇ ਝੰਡੇ ਦਿਖਾ ਕੇ ਵਿਰੋਧ ਕੀਤਾ ਜਾ ਰਿਹਾ ਹੈ, ਜਿਸ ਨੂੰ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇ ਸੱਤਾਧਾਰੀ ਪਾਰਟੀ ਨੇ ਭਾਜਪਾ ਯਾਤਰਾ ਵਿੱਚ ਅੜਿੱਕੇ ਡਾਹੁਣ ਦੀ ਕੋਸ਼ਿਸ਼ ਕੀਤੀ, ਤਾਂ ਉਨ੍ਹਾਂ ਨੂੰ ਵੀ ਅਜਿਹੇ ਹੀ ਨਤੀਜੇ ਭੁਗਤਣੇ ਪੈਣਗੇ। ਇਹ ਪੁੱਛੇ ਜਾਣ 'ਤੇ ਕਿ ਇਸ ਕਾਰਵਾਈ ਲਈ ਕੀ ਉਨ੍ਹਾਂ ਖ਼ਿਲਾਫ਼ ਕੋਈ ਐੱਫ.ਆਈ.ਆਰ. ਦਰਜ ਕੀਤੀ ਜਾ ਸਕਦੀ ਹੈ ਤਾਂ, ਬਿੱਟੂ ਨੇ ਕਿਹਾ ਕਿ ਉਨ੍ਹਾਂ ਨੇ ਕਿਸੇ 'ਤੇ ਹਮਲਾ ਨਹੀਂ ਕੀਤਾ ਜਿਵੇਂ 'ਆਪ' ਨੇ ਕੱਲ੍ਹ ਕੀਤਾ ਸੀ ਅਤੇ ਜੇ ਉਨ੍ਹਾਂ ਵਿਰੁੱਧ ਐੱਫ.ਆਈ.ਆਰ. ਦਰਜ ਕੀਤੀ ਜਾਣੀ ਹੈ ਤਾਂ ਦੂਜੀਆਂ ਰਾਜਨੀਤਿਕ ਪਾਰਟੀਆਂ ਦੇ ਆਗੂਆਂ 'ਤੇ ਹਮਲਾ ਕਰਨ ਲਈ 'ਆਪ' ਵਿਧਾਇਕਾਂ ਅਤੇ ਆਗੂਆਂ ਵਿਰੁੱਧ ਵੀ ਅਜਿਹੇ ਯਤਨ ਕੀਤੇ ਜਾਣੇ ਚਾਹੀਦੇ ਹਨ। ਇਸ ਦੌਰਾਨ ਸਾਬਕਾ ਕੇਂਦਰੀ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਨੂੰ ਅੱਜ ਪੰਜਾਬ ਪੁਲਿਸ ਨੇ ਉਸ ਸਮੇਂ ਹਿਰਾਸਤ ਵਿੱਚ ਲੈ ਲਿਆ, ਜਦੋਂ ਉਨ੍ਹਾਂ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਗੇਟ ਨੇੜੇ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਫ਼ਲੇ ਦੇ ਲੰਘਣ ਸਮੇਂ ਵਿਰੋਧ ਪ੍ਰਦਰਸ਼ਨ ਕੀਤਾ।

## ਬਰਤਾਨੀਆ 'ਚ ਸਿੱਖ ਬੱਸ ਡਰਾਈਵਰ ਤੇ ਹਮਲਾ, ਦਾੜ੍ਹੀ ਪੁੱਟੀ, ਕੁੱਟਮਾਰ ਮਗਰੋਂ ਬੱਸ ਖੋਹੀ

**ਲੰਡਨ, 19 ਸਤੰਬਰ (ਸਰਬਜੀਤ ਸਿੰਘ ਬਨੂੜ)**-ਬਰਤਾਨੀਆ ਦੇ ਸ਼ਹਿਰ ਟੈਲਫੋਰਡ ਵਿੱਚ ਇੱਕ ਸਿੱਖ ਬੱਸ ਡਰਾਈਵਰ 'ਤੇ ਹਮਲਾ ਕਰਕੇ ਉਸ ਦੀ ਦਾੜ੍ਹੀ ਪੁੱਟਣ, ਕੁੱਟਮਾਰ ਕਰਨ ਅਤੇ ਬੱਸ ਖੋਹ ਲੈਣ ਦੀ ਘਟਨਾ ਨੇ ਸਿੱਖ ਭਾਈਚਾਰੇ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਹਮਲੇ ਦੌਰਾਨ ਡਰਾਈਵਰ ਨੂੰ ਜ਼ਬਰਦਸਤੀ ਬੱਸ ਵਿੱਚੋਂ ਬਾਹਰ ਕੱਢ ਦਿੱਤਾ ਗਿਆ, ਜਿਸ ਤੋਂ ਬਾਅਦ ਹਮਲਾਵਰ ਬੱਸ ਲੈ ਕੇ ਫ਼ਰਾਰ ਹੋ ਗਿਆ। ਦਾੜ੍ਹੀ ਪੁੱਟੇ ਜਾਣ ਕਾਰਨ ਸਿੱਖ ਭਾਈਚਾਰੇ ਅੰਦਰ ਇਸ ਘਟਨਾ ਨੂੰ ਧਾਰਮਿਕ ਪਛਾਣ 'ਤੇ ਹਮਲੇ ਵਜੋਂ ਦੇਖਦਿਆਂ ਨਸਲੀ ਅਤੇ ਧਾਰਮਿਕ ਨਫ਼ਰਤ ਵਾਲੀਆਂ ਘਟਨਾਵਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।



ਵੈਸਟ ਮਰਸੀਆ ਪੁਲਸ ਮੁਤਾਬਕ ਇਹ ਘਟਨਾ ਸ਼ੁੱਕਰਵਾਰ ਸ਼ਾਮ ਕਰੀਬ 6.37 ਵਜੇ ਟੈਲਫੋਰਡ ਦੇ ਮੇਡਲੇ ਇਲਾਕੇ ਦੀ ਕੋਰਟ ਸਟ੍ਰੀਟ 'ਤੇ ਵਾਪਰੀ। ਹਮਲੇ ਤੋਂ ਬਾਅਦ ਬੱਸ ਨੂੰ ਪਾਰਕ ਵੇਅ ਤੋਂ ਹਾਈ ਸਟ੍ਰੀਟ ਵੱਲ ਸੜਕ ਦੇ ਉਲਟ ਪਾਸੇ ਦੌੜਾਇਆ ਗਿਆ ਅਤੇ ਰਸਤੇ ਵਿੱਚ ਕਈ ਵਾਹਨਾਂ ਨੂੰ ਟੱਕਰਾਂ ਮਾਰੀਆਂ ਗਈਆਂ। ਘਟਨਾ ਕਾਰਨ ਇਲਾਕੇ ਵਿੱਚ ਹਫੜਾ-ਦਫੜੀ ਵਾਲੀ ਸਥਿਤੀ ਬਣ ਗਈ। ਪੁਲਸ ਨੇ ਕਾਰਵਾਈ ਕਰਦਿਆਂ ਬੱਸ ਨੂੰ ਰੋਕ ਲਿਆ ਅਤੇ 20ਵਿਆਂ ਸਾਲਾਂ ਦੇ ਇੱਕ ਵਿਅਕਤੀ ਨੂੰ ਲੁੱਟ ਅਤੇ ਖ਼ਤਰਨਾਕ ਡਰਾਈਵਿੰਗ ਦੇ ਸ਼ੱਕ ਹੇਠ ਗ੍ਰਿਫ਼ਤਾਰ ਕਰ ਲਿਆ। ਹਮਲੇ ਵਿੱਚ ਸਿੱਖ ਡਰਾਈਵਰ ਨੂੰ ਮਾਮੂਲੀ ਸੱਟਾਂ ਲੱਗੀਆਂ ਅਤੇ ਪੈਰਾਮੈਡਿਕਸ ਵੱਲੋਂ ਉਸ ਦਾ ਇਲਾਜ ਕੀਤਾ ਗਿਆ। ਪੁਲਸ ਅਨੁਸਾਰ ਬੱਸ ਵੱਲੋਂ ਕਈ ਵਾਹਨਾਂ ਨੂੰ ਟੱਕਰਾਂ ਮਾਰੇ ਜਾਣ ਦੇ ਬਾਵਜੂਦ ਕਿਸੇ ਹੋਰ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਜਾਣਕਾਰੀ ਨਹੀਂ ਮਿਲੀ। ਘਟਨਾ ਮਗਰੋਂ ਯੂ.ਕੇ. ਦੇ ਸਿੱਖਾਂ ਵਿੱਚ ਤਿੱਖਾ ਰੋਸ ਸਾਹਮਣੇ ਆਇਆ ਹੈ। ਸਿੱਖ ਡਰਾਈਵਰ ਦੀ ਦਾੜ੍ਹੀ ਪੁੱਟੇ ਜਾਣ ਨੂੰ ਲੈ ਕੇ ਨਸਲੀ ਅਤੇ ਧਾਰਮਿਕ ਨਫ਼ਰਤ ਨਾਲ ਜੁੜੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਣ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਜਾ ਰਹੀ ਹੈ। ਵੈਸਟ ਮਰਸੀਆ ਪੁਲਸ ਨੇ ਮਾਮਲੇ ਦੀ ਜਾਂਚ ਜਾਰੀ ਰੱਖਦਿਆਂ ਚਸ਼ਮਦੀਦਾਂ ਨੂੰ ਅੱਗੇ ਆਉਣ ਅਤੇ ਘਟਨਾ ਨਾਲ ਸਬੰਧਤ ਕੋਈ ਵੀ ਜਾਣਕਾਰੀ ਜਾਂ ਰਿਕਾਰਡਿੰਗ ਪੁਲਸ ਨਾਲ ਸਾਂਝੀ ਕਰਨ ਦੀ ਅਪੀਲ ਕੀਤੀ ਹੈ। ਇਸ ਦੇ ਨਾਲ ਹੀ ਭਾਈਚਾਰੇ ਨੂੰ ਮਾਮਲੇ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਝੂਠੀਆਂ, ਗੁੰਮਰਾਹਕੁੰਨ ਜਾਂ ਗੈਰ-ਪੁਸ਼ਟ ਅਫ਼ਵਾਹਾਂ ਫੈਲਾਉਣ ਤੋਂ ਗੁਰੇਜ਼ ਕਰਨ ਅਤੇ ਸਿਰਫ਼ ਪੁਸ਼ਟੀਸ਼ੁਦਾ ਜਾਣਕਾਰੀ 'ਤੇ ਭਰੋਸਾ ਕਰਨ ਦੀ ਅਪੀਲ ਕੀਤੀ ਗਈ ਹੈ।

**ਕਈ ਗੱਡੀਆਂ ਨੂੰ ਮਾਰੀਆਂ ਟੱਕਰਾਂ, ਨਸਲੀ ਹਮਲਿਆਂ ਖ਼ਿਲਾਫ਼ ਸਿੱਖਾਂ 'ਚ ਭਾਰੀ ਰੋਸ, ਸਖ਼ਤ ਕਾਰਵਾਈ ਦੀ ਮੰਗ**

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
## ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।




## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

● ਸਲਾਨਾ ਬਰਸੀ: ਬਾਬਾ ਬਿਧੀ ਚੰਦ ਸਾਹਿਬ ਜੀ ਸੁਰਸਿੰਘ ਅੰਮ੍ਰਿਤਸਰ ਸਾਹਿਬ ਜੀ ● ਸਲਾਨਾ ਬਰਸੀ: - ਭਾਈ ਘਨ੍ਹਈਆ ਜੀ ਸ਼੍ਰੀ ਅਨੰਦਪੁਰ ਸਾਹਿਬ ਜੀ ● ਜਨਮ ਦਿਵਸ : ਧੰਨ ਬਾਬਾ ਸ੍ਰੀ ਚੰਦ ਸਾਹਿਬ ਜੀ। ● ਬਾਬੇ ਦਾ ਵਿਆਹ : ਜੋੜ ਮੇਲਾ ਸ੍ਰੀ ਕੰਧ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਗੁਰਸਿੱਖ ਪ੍ਰਵਾਰ ਭਾਈ ਰਾਜਦੀਪ ਸਿੰਘ ਸੋਰੇਜੀਨਾ ਵੱਲੋਂ ਲਈ ਗਈ ਹੈ



ਗਿਆਨੀ ਜਤਿੰਦਰ ਸਿੰਘ ਜੀ
ਸੁਹਾਣਾ ਸਾਹਿਬ ਚੰਡੀਗੜ
ਵਿਦਿਆਰਥੀ ਦਮਦਮੀ ਟਕਸਾਲ

ਸ਼ਨਿੱਚਰਵਾਰ 19 ਸਤੰਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਹਰ ਐਤਵਾਰ 20 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਜਤਿੰਦਰ ਸਿੰਘ ਸੁਹਾਣਾ ਸਾਹਿਬ ਜੀ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਅੱਜ ਬਰਸੀ 'ਤੇ ਵਿਸ਼ੇਸ਼

# ਸੇਵਾ ਦੇ ਪੁੰਜ ਭਾਈ ਘਨ੍ਹੱਈਆ ਜੀ



**ਸੇਵਾ** ਦੇ ਪੁੰਜ ਭਾਈ ਘਨ੍ਹੱਈਆ ਜੀ ਦਾ ਜਨਮ 1648 ਈ: ਨੂੰ ਮਾਤਾ ਸੁੰਦਰੀ ਜੀ ਅਤੇ ਪਿਤਾ ਸ੍ਰੀ ਨੱਥੂ ਰਾਮ ਦੇ ਗ੍ਰਹਿ ਪਿੰਡ ਸੌਦਰਾ ਜਿਲ੍ਹਾ ਸਿਆਲਕੋਟ ਪਾਕਿਸਤਾਨ ਵਿੱਚ ਹੋਇਆ। ਇਹ ਪਿੰਡ ਦਰਿਆ ਅਟਕ ਤੋਂ ਥੋੜ੍ਹੀ ਦੂਰੀ ਤੇ ਵੱਸਿਆ ਹੋਇਆ ਹੈ। ਇਤਿਹਾਸ ਵਿੱਚ ਆਉਂਦਾ ਹੈ ਕਿ ਇਸ ਕਸਬੇ ਦੇ ਸੌ ਦਰਵਾਜੇ ਹੋਣ ਕਰਕੇ ਇਸ ਦਾ ਨਾਂਅ ਸੌਦਰਾ ਪੈ ਗਿਆ। ਇਸ ਪਿੰਡ ਦੀ ਇੱਕ ਗੱਲ ਜੋ ਬਹੁਤ ਮਸ਼ਹੂਰ ਸੀ, ਉਹ ਇਹ ਕਿ ਇਸ ਪਿੰਡ ਵਿੱਚ ਇੱਕ ਨੌ ਲੱਖਾ ਖ਼ੂਬਸੂਰਤ ਬਾਗ ਸੀ , ਜਿਸ ਤੇ ਉਸ ਸਮੇਂ ਨੌ ਲੱਖ ਰੁਪਏ ਖਰਚ ਆਏ ਸਨ।

ਆਪ ਦੇ ਪਿਤਾ ਇੱਕ ਵੱਡੇ ਸੋਦਾਗਰ ਸਨ ਤੇ ਸ਼ਾਹੀ ਫੌਜਾਂ ਨੂੰ ਰਸਦ ਪਹੁੰਚਾਉਣ ਦਾ ਕੰਮ ਕਰਦੇ ਸਨ। ਆਪ ਬਚਪਨ ਸਮੇਂ ਤੋਂ ਹੀ ਪਰਉਪਕਾਰੀ ਤੇ ਦਇਆਵਾਨ ਸੁਭਾਅ ਦੇ ਮਾਲਕ ਸਨ। ਆਪ ਆਪਣੇ ਘਰੋਂ ਜੇਬ ਵਿੱਚ ਕੋਡੀਆਂ, ਰੁਪੈ ਤੇ ਪੈਸੇ ਭਰ ਕੇ ਲਿਜਾਂਦੇ ਸਨ ਤੇ ਬਾਹਰ ਲੋੜਵੰਦਾਂ ਵਿੱਚ ਵੰਡ ਦਿੰਦੇ ਸਨ ।ਕਿਸੇ ਦਾ ਦੁੱਖ ਨਹੀ ਸਹਾਰ ਸਕਦੇ ਸਨ। ਪਿੰਡੋਂ ਬਾਹਰ ਵੱਡੀ ਸੜ੍ਹਕ ਕਿਨਾਰੇ ਜਾ ਕੇ ਆਪ ਰਾਹਗੀਰਾਂ ਦਾ ਸਮਾਨ ਆਪਣੇ ਸਿਰ ਤੇ ਚੁੱਕ ਲੈਂਦੇ ਸਨ, ਟਿਕਾਣੇ ਪਹੁੰਚਾ ਕੇ ਤੇ ਆਪਣੇ ਕੋਲੋਂ ਰੂਪੈ ਪੈਸੇ ਦੇ ਕੇ ਆਉਂਦੇ ਸਨ। ਆਪ ਦੇ ਮਾਤਾ ਪਿਤਾ ਇਸ ਗੱਲ ਦਾ ਬੁਰਾ ਮਨਾਉਂਦੇ ਸਨ ਕਿ ਲੋਕ ਕੀ ਕਹਿਣਗੇ। ਆਪ ਆਪਣੇ ਮਾਤਾ ਪਿਤਾ ਨੂੰ ਬੜੇ ਹੀ ਪਿਆਰ ਨਾਲ ਜਵਾਬ ਦਿੰਦੇ ਸਨ ਕਿ 'ਮਾਂ, ਘਰਾਂ ਵਿੱਚ ਕਮਲੇ ਪੁੱਤਰ ਵੀ ਤਾਂ ਹੁੰਦੇ ਹਨ, ਤੁਸੀ ਮੈਨੂੰ ਕਮਲਾ ਹੀ ਸਮਝ ਛੱਡੋ।'ਭਾਈ ਘਨ੍ਹੱਈਆ ਜੀ ਦੇ ਮਨ ਵਿੱਚ ਪ੍ਰਭੂ ਪਤੀ ਦੇ ਚਰਨਾਂ ਦੀ ਤਾਂਘ ਉੱਠੀ। ਕਿਸੇ ਨੇ ਲਾਹੌਰ ਜਾਣ ਲਈ ਕਿਹਾ। ਆਪ ਅਜੇ ਲਾਹੌਰ ਪੁੱਜੇ ਹੀ ਸਨ ਕਿ ਪਿੱਛੋਂ ਆਪ ਦੇ ਪਿਤਾ ਅਕਾਲ ਚਲਾਣਾ ਕਰ ਗਏ। ਵੱਡੇ ਹੋਣ ਕਰਕੇ ਸਾਰੀ ਜ਼ਿੰਮੇ੍ਵਾਰੀ ਆਪ ਦੇ ਸਿਰ ਆਣ ਪਈ। ਆਪ ਆਪਣਾ ਪਿਤਾ ਪੁਰਖੀ ਕਿੱਤਾ ਸ਼ਾਹੀ ਫੌਜਾਂ ਨੂੰ ਰਸਦ ਪਾਣੀ ਪਹੁੰਚਾਉਣ ਦੇ ਕੰਮ ਵਿੱਚ ਜੁੱਟ ਗਏ। ਉਸ ਸਮੇਂ ਔਰੰਗਜ਼ੇਬ ਦੇ ਕਾਫਲੇ ਵਿੱਚ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਅਨਿੰਨ ਸੇਵਕ ਭਾਈ ਨੰਨੂਆ ਜੀ ਰਹਿੰਦੇ ਸਨ। ਉਹਨਾਂ ਕੋਲੋਂ ਨਾਵੇਂ ਗੁਰੂ ਜੀ ਦੀ ਬਾਣੀ ਸੁਣੀ। ਸੀਨੇ ਵਿੱਚ ਖਿੱਚ ਪਈ। ਆਪ ਆਪਣਾ ਸਾਰਾ ਕਾਰੋਬਾਰ ਛੱਡ ਕੇ ਜੰਗਲਾਂ ਵੱਲ ਤੁਰ ਪਏ। ਆਪ ਭੁੱਖੇ ਪਿਆਸੇ ਜੰਗਲ-ਜੰਗਲ ਫਿਰ ਰਹੇ ਸਨ। ਆਪ ਨੂੰ ਇੱਕ ਸਿੱਖ ਮਿਲਿਆ ਤੇ ਆਪ ਨੇ ਉਸ ਨੂੰ ਗੋਬਿੰਦ ਪਾਉਣ ਦੀ ਵਿਧੀ ਪੁੱਛੀ, ਉਸ ਸਿੱਖ ਨੇ ਆਨੰਦਪੁਰ ਦੇ ਰਸਤੇ ਪਾ ਦਿੱਤਾ। ਭਾਈ ਘਨ੍ਹੱਈਆ ਜੀ ਸੰਗਤਾਂ ਨਾਲ ਆਨੰਦਪੁਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਪਹੁੰਚ ਗਏ। ਆਪ ਨੂੰ ਆਉਂਦਿਆਂ ਵੇਖ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਪਾਣੀ ਦਾ ਘੜਾ ਲਿਆਉਣ ਦਾ ਹੁਕਮ ਕੀਤਾ। ਜਦ ਆਪ ਪਾਣੀ ਦਾ ਘੜਾ ਲਿਆਏ ਤਾਂ ਗੁਰੂ ਜੀ ਨੇ ਥੋੜ੍ਹੇ ਜਿਹੇ ਪਾਣੀ ਨਾਲ ਹੱਥ ਧੋ ਕੇ ਬਾਕੀ ਬਚਿਆ ਸਾਰਾ ਪਾਣੀ ਡੋਲ ਦਿੱਤਾ ਅਤੇ ਹੋਰ ਪਾਣੀ ਦਾ ਘੜਾ ਲਿਆਉਣ ਲਈ ਕਿਹਾ। ਆਪ ਜਦ ਫਿਰ ਪਾਣੀ ਦਾ ਘੜਾ ਲਿਆਏ ਤਾਂ ਗੁਰੂ ਜੀ ਨੇ ਥੋੜ੍ਹੇ ਜਿਹੇ ਪਾਣੀ ਨਾਲ ਪੈਰ ਧੋ ਕੇ ਫਿਰ ਸਾਰਾ ਪਾਣੀ ਡੋਲ ਦਿੱਤਾ। ਇਸ ਤਰ੍ਹਾਂ ਤਿੰਨ ਮਹੀਨੇ ਸੇਵਾ ਚੱਲਦੀ ਰਹੀ।ਆਪ ਸੱਤ ਬਚਨ ਕਹਿ ਕੇ ਬੜੀ ਖੁਸ਼ੀ-ਖੁਸ਼ੀ ਸੇਵਾ ਨਿਭਾਉਂਦੇ ਰਹੇ। ਤਿੰਨ ਮਹੀਨੇ ਬਾਅਦ ਗੁਰੂ ਜੀ ਨੇ ਆਖਰੀ ਪ੍ਰੀਖਿਆ ਲਈ ਕਿ ਜੇ ਅੱਜ ਪਾਣੀ ਡੋਲਣਾ ਇਸਨੂੰ ਚੁਭਿਆ ਤਾਂ ਇਹ ਆਉਣ ਵਾਲੇ ਸਮੇਂ ਵਿੱਚ ਸਭ ਨੂੰ ਇੱਕ ਜਾਣ ਕੇ ਪਾਣੀ ਨਹੀ

ਆਵਾਜ਼ਿ ਕੌਮ
AWAZE QAUM
International Newspaper & WEB TV

ਪਿਲਾਏਗਾ, ਪਰ ਭਾਈ ਘਨ੍ਹੱਈਆ ਜੀ ਇਸ ਇਮਤਿਹਾਨ ਵਿੱਚੋਂ ਚੰਗੇ ਨੰਬਰ ਲੈ ਕੇ ਪਾਸ ਹੋ ਗਏ। ਆਪ ਗੁਰੂ ਸਾਹਬ, ਸਿੱਖ ਸੰਗਤਾਂ ਤੇ ਗੁਰੂ ਘਰ ਦੇ ਘੋੜਿਆਂ ਦੀ ਸੇਵਾ ਕਰਦੇ ਰਹੇ। ਆਪ ਦੀ ਸੇਵਾ ਗੁਰੂ ਘਰ ਵਿੱਚ ਪ੍ਰਵਾਨ ਹੋਈ ਤੇ ਗੁਰੂ ਜੀ ਨੇ ਕਿਹਾ ਕਿ ' ਇਹ ਦਾਤ ਹੋਰਨਾਂ ਨੂੰ ਵੀ ਵੰਡੋ।' ਆਪ ਨੇ ਜ਼ਿਲ੍ਹਾ ਅਟਕ ਤੋਂ ਕੋਈ ਵੀਹ ਕੋਹ ਦੂਰ ਉਰਾਂ ਕਵ੍ਹੇ ਪਿੰਡ ਧਰਮਸਾਲਾਂ ਉਸਾਰੀਆਂ ਤੇ ਗੁਰਾਂ ਦੀ ਪਵਿੱਤਰ ਬਾਣੀ ਦਾ ਪ੍ਰਵਾਹ ਚਲਾਇਆ। ਜਦ 11 ਨਵੰਬਰ 1675 ਈ: ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਸ਼ਹੀਦ ਕੀਤਾ ਗਿਆ ਤੇ ਜਦ ਆਪ ਨੂੰ ਗੁਰੂ ਜੀ ਦੀ ਸ਼ਹਾਦਤ ਬਾਰੇ ਪਤਾ ਲੱਗਾ ਤਾਂ ਗੁਰੂ ਜੀ ਦੇ ਵਿਛੋੜੇ ਵਿੱਚ ਆਪ ਨੇ ਕਈ ਦਿਨਾਂ ਤੱਕ ਚੁੱਪ ਧਾਰੀ ਰੱਖੀ। ਜਦ ਗੁਰੂ ਗੋਬਿੰਦ ਸਿੰਘ ਜੀ ਨੇ ਪਿਤਾ ਜੀ ਦੀ ਸ਼ਹਾਦਤ ਤੋਂ ਬਾਅਦ ਸਾਰੇ ਸਿੱਖਾਂ ਨੂੰ ਆਪਣੇ ਪਾਸ ਬੁਲਾਇਆ ਤਾਂ ਆਪ ਵੀ ਗੁਰੂ ਜੀ ਕੋਲ ਪਹੁੰਚ ਗਏ ਤੇ ਗੁਰੂ ਜੀ ਦੇ ਕਹਿਣ ਤੇ ਪਾਣੀ ਦੀਆਂ ਮਸ਼ਕਾਂ ਭਰ-ਭਰ ਕੇ ਪਿਆਸਿਆਂ ਦੀ ਪਿਆਸ ਬੁਝਾਉਂਦੇ ਰਹੇ। ਆਪ ਆਨੰਦਪੁਰ ਸਾਹਿਬ ਤੋਂ ਪਾਉਂਟਾ ਸਾਹਬ ਗੁਰੂ ਜੀ ਦੇ ਨਾਲ ਹੀ ਗਏ। ਉੱਥੇ ਜਦ ਜੰਗਾਂ ਜੁੱਧਾਂ ਦਾ ਚੱਕਰ ਚੱਲ ਪਿਆ ਤਾਂ ਆਪ ਨੇ ਪਾਣੀ ਪਿਲਾਉਣ ਦੀ ਅਤਿ ਕਠਿਨ ਸੇਵਾ ਸੰਭਾਲ ਲਈ। ਆਪ ਆਪਣੇ ਖੱਬੇ ਹੱਥ ਵਿੱਚ ਚਿੱਟਾ ਝੰਡਾ ਤੇ ਚਿੱਟੇ ਬਸਤਰ ਪਹਿਨ ਕੇ ਬਿਨ੍ਹਾਂ ਵਿਤਕਰੇ ਦੇ ਪਾਣੀ ਪਿਲਾਈ ਜਾਂਦੇ। ਜਦ ਸਿੱਖਾਂ ਨੇ ਦੇਖਿਆ ਕਿ ਭਾਈ ਘਨ੍ਹੱਈਆ ਸਾਡੇ ਨਾਲ ਨਾਲ ਵੈਰੀਆਂ ਨੂੰ ਵੀ ਪਾਣੀ ਪਿਲਾਈ ਜਾਂਦੇ ਹਨ ਤਾਂ ਇੱਥੋਂ ਤੱਕ ਕਹਿ ਦਿੱਤਾ ਕਿ ਲੱਗਦਾ ਹੈ ਕਿ ਇੰਨ੍ਹਾਂ ਨੂੰ ਵੈਰੀਆਂ ਨੇ ਖਰੀਦ ਲਿਆ ਹੈ। ਇਸ ਦੀ ਸ਼ਿਕਾਇਤ ਸਿੱਖਾਂ ਨੇ ਗੁਰੂ ਗੋਬਿੰਦ ਸਿੰਘ ਜੀ ਕੋਲ ਕੀਤੀ। ਗੁਰੂ ਜੀ ਦੇ ਪੁੱਛਣ ਤੇ ਭਾਈ ਘਨ੍ਹੱਈਆ ਜੀ ਨੇ ਹੱਥ ਜੋੜ ਕੇ ਨਿਮਰਤਾ ਸਹਿਤ ਬੇਨਤੀ ਕੀਤੀ ਕਿ 'ਹੇ ਪਾਤਸ਼ਾਹ, ਮੈਂ ਕਿਸੇ ਹਿੰਦੂ ਜਾਂ ਮੁਸਲਮਾਨ ਨੂੰ ਪਾਣੀ ਨਹੀ ਪਿਲਾਉਂਦਾ , ਮੈਂ ਤਾਂ ਹਰ ਥਾਵੇਂ ਆਪ ਜੀ ਦਾ ਹੀ ਰੂਪ ਵੇਖਦਾ ਹਾਂ' ਤਾਂ ਗੁਰੂ ਗੋਬਿੰਦ ਸਿੰਘ ਜੀ ਨੇ ਖੁਸ਼ ਹੋ ਕੇ ਮਲ੍ਹਮ ਦੀ ਡੱਬੀ ਤੇ ਪੱਟੀ ਵੀ ਨਾਲ ਦੇ ਦਿੱਤੀ ਤੇ ਹੁਕਮ ਕੀਤਾ ਕਿ ਭਾਈ ਘਨ੍ਹੱਈਆ ਜੀ ਅੱਜ ਤੋਂ ਮਲ੍ਹਮ ਪੱਟੀ ਦੀ ਸੇਵਾ ਵੀ ਸੰਭਾਲ ਲਓ ਤੇ ਪਾਣੀ ਪਿਲਾਉਣ ਦੇ ਨਾਲ ਜਖ਼ਮੀਆਂ ਦੇ ਮਲ੍ਹਮ ਪੱਟੀ ਵੀ ਕਰ ਦਿਆ ਕਰੋ। ਸੰਨ 1704 ਈ: ਵਿੱਚ ਜਦ ਗੁਰੂ ਜੀ ਨੇ ਅਨੰਦਪੁਰ ਛੱਡਿਆ ਤਾਂ ਆਪ ਫਿਰ ਉਰਾਂ ਕਵ੍ਹੇ ਪਿੰਡ ਆ ਗਏ। ਇੱਥੇ ਹੀ ਭਾਈ ਸੇਵਾ ਰਾਮ ਵੀ ਆਪ ਨਾਲ ਆ ਗਏ। ਭਾਈ ਸੇਵਾ ਰਾਮ ਜੀ ਦੇ ਅੱਗੋਂ ਅੱਡਣ ਸ਼ਾਹ ਜੀ ਸੇਵਕ ਬਣੇ। ਭਾਈ ਘਨ੍ਹੱਈਆ ਜੀ ਗੁਰੂ ਜੀ ਦੇ ਬਹੁਤ ਹੀ ਪਿਆਰੇ ਸਿੱਖ ਬਣ ਗਏ ਸਨ। ਗੁਰੂ ਜੀ ਆਪਣੇ ਪਿਆਰੇ ਸਿੱਖਾਂ ਦੀ ਆਪ ਰੱਖਿਆ ਕਰਦੇ ਸਨ। ਸੰਨ 1712 ਈ: ਦੀ ਗੱਲ ਹੈ ਕਿ ਭਾਈ ਘਨ੍ਹੱਈਆ ਜੀ ਵੈਰੀਆਂ ਦੇ ਝੁੰਗਲ ਵਿੱਚ ਫਸ ਗਏ। ਇੱਕ ਸੈਨਿਕ ਭਾਈ ਸਾਹਬ ਤੇ ਹੱਥ ਚੁੱਕਣ ਲੱਗਾ ਤਾਂ ਉਸ ਦਾ ਹੱਥ ਉੱਥੇ ਹੀ ਰੁੱਕ ਗਿਆ ਤੇ ਉਨ੍ਹਾਂ ਨੂੰ ਭਾਈ ਘਨ੍ਹੱਈਆ ਜੀ ਇੱਕਲੇ ਨਹੀ ਸਗੋਂ ਭਾਈ ਸਾਹਬ ਦੇ ਪਿੱਛੇ ਫੌਜਾਂ ਦਾ ਲਸ਼ਕਰ ਦਿਖਾਈ ਦਿੱਤਾ ਤੇ ਉਹ ਉੱਥੋਂ ਡਰਦੇ ਨੱਸ ਗਏ।

ਸੇਵਾ ਤੇ ਸਿਮਰਨ ਦੀ ਮੂਰਤ ਭਾਈ ਘਨ੍ਹੱਈਆ ਜੀ ਨਾਮ ਬਾਣੀ ਦੇ ਰਸੀਏ ਸਨ। ਆਪ ਅੰਤ ਸਮਾਂ ਨੇੜ੍ਹੇ ਆਇਆ ਜਾਣ ਕੇ 1718 ਈ: ਵਿੱਚ ਉਰਾਂ ਕਵ੍ਹੇ ਵਿੱਚ ਰੋਜ਼ਾਨਾਂ ਹੀ ਕੀਰਤਨ ਸੁਣਦੇ ਰਹਿੰਦੇ ਸਨ। ਅੰਤਲੇ ਸਮੇਂ ਵੀ ਆਪ ਥੰਮ੍ਹ ਨਾਲ ਢੋਅ ਲਾ ਕੇ ਕੀਰਤਨ ਸੁਣ ਰਹੇ ਸਨ। 20 ਸਤੰਬਰ ਸੰਨ 1718 ਈ: ਨੂੰ ਕੀਰਤਨ ਦੀ ਸਮਾਪਤੀ ਤੇ ਵੀ ਜਦ ਆਪ ਦੀ ਸਮਾਧੀ ਨਾ ਖੁੱਲੀ ਤਾਂ ਸੰਗਤਾਂ ਦੇ ਹਿਲਾਉਣ ਤੇ ਪਤਾ ਲੱਗਾ ਕਿ ਆਪ ਸੱਚਖੰਡ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਵੱਖ-ਵੱਖ ਸੰਸਥਾਵਾਂ ਵੱਲੋਂ 20 ਸਤੰਬਰ ਨੂੰ ਭਾਈ ਘਨ੍ਹੱਈਆਂ ਜੀ ਦੀ ਬਰਸੀ ਬੜੀ ਹੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ ਆਉ ਮਹਾਂਪੁਰਸ਼ ਭਾਈ ਘਨ੍ਹੱਈਆਂ ਜੀ ਦੀ ਬਰਸੀ ਤੇ ਆਪਾਂ ਵੀ ਸਾਰੇ ਪ੍ਰਣ ਕਰੀਏ ਕਿ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਦੇ ਹੋਏ ਨਿਮਰਤਾ ਭਾਵ ਨਾਲ ਸਹਿਜ ਵਿੱਚ ਵਿਚਰਦੇ ਹੋਏ ਗੁਰੂ ਦਰ ਘਰ ਦੇ ਸੱਚੇ ਸੇਵਾਦਾਰ ਬਣੀਏ ਤੇ ਭਾਈ ਘਨ੍ਹੱਈਆ ਜੀ ਵਾਂਗ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ।

**-ਧਰਮਿੰਦਰ ਸਿੰਘ (ਚੱਬਾ)**

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘਰਾਂ-ਦੁਕਾਨਾਂ ਤੋਂ ਆਪ ਮੁਹਾਰੇ ਨਿਕਲੇ ਲੋਕ, ਨਸ਼ਿਆਂ ਵਿਰੁੱਧ ਮੁਹਿੰਮ ਨਾਲ ਜੁੜਨ ਦਾ ਦਿੱਤਾ ਸੱਦਾ

# ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਦੂਜੇ ਦਿਨ ਵੀ ਭਰਵਾਂ ਹੁੰਗਾਰਾ, ਥਾਂ ਥਾਂ ਹੋਇਆ ਸਵਾਗਤ

## "ਯਾਤਰਾ ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਪੰਜਾਬ ਦੀ ਜਵਾਨੀ, ਸਮਾਜ ਅਤੇ ਭਵਿੱਖ ਨੂੰ ਬਚਾਉਣ ਲਈ ਸਾਂਝਾ ਸੰਕਲਪ ਹੈ" : ਇਕਬਾਲ ਸਿੰਘ ਲਾਲਪੁਰਾ








**ਪਠਾਨਕੋਟ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਵੱਲੋਂ ਏਕਤਾ ਸਥਲ, ਮਾਧੋਪੁਰ ਤੋਂ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ ਦੂਜੇ ਦਿਨ ਵੀ ਲੋਕਾਂ ਦਾ ਭਰਵਾਂ ਹੁੰਗਾਰਾ ਮਿਲਿਆ। ਲੋਕ ਘਰਾਂ ਅਤੇ ਦੁਕਾਨਾਂ ਤੋਂ ਆਪ ਮੁਹਾਰੇ ਬਾਹਰ ਨਿਕਲ ਕੇ ਯਾਤਰਾ ਦਾ ਸਵਾਗਤ ਕਰਦੇ ਅਤੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਆਪਣਾ ਸਮਰਥਨ ਦਿੰਦੇ ਨਜ਼ਰ ਆਏ।

ਆਵਾਜ਼ਿ ਕੌਮ AWAZE QAUM International Newspaper & WEB TV

ਪਠਾਨਕੋਟ ਤੋਂ ਸ਼ੁਰੂ ਹੋਈ ਯਾਤਰਾ ਸਰਨਾ, ਸੁੰਦਰ ਚੌਂਕ ਅੱਡਾ ਅਤੇ ਸਹੋਰਾ ਕਲਾਂ ਹੁੰਦੀ ਹੋਈ ਤਾਰਾਗੜ੍ਹ ਵਿਖੇ ਪਹੁੰਚੀ, ਜਿੱਥੇ ਪ੍ਰਭਾਵਸ਼ਾਲੀ ਰੈਲੀ ਕੀਤੀ ਗਈ ।ਥਾਂ ਥਾਂ ਸਵਾਗਤ ਹੋਇਆ।

ਰੈਲੀ ਨੂੰ ਸੰਬੋਧਨ ਕਰਦਿਆਂ ਭਾਜਪਾ ਸੰਸਦੀ ਕਮੇਟੀ ਦੇ ਮੈਂਬਰ ਅਤੇ ਸਾਬਕਾ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸਰਦਾਰ ਇਕਬਾਲ ਸਿੰਘ ਲਾਲਪੁਰਾ ਨੇ ਕਿਹਾ ਕਿ ਇਹ ਯਾਤਰਾ ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਪੰਜਾਬ ਦੀ ਜਵਾਨੀ, ਸਮਾਜ ਅਤੇ ਭਵਿੱਖ ਨੂੰ ਬਚਾਉਣ ਲਈ ਸਾਂਝਾ ਸੰਕਲਪ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਜੋ ਕਹਿੰਦੀ ਹੈ, ਉਹ ਕਰਕੇ ਵਿਖਾਉਂਦੀ ਹੈ। ਧਾਰਾ 370 ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਜਿੱਥੇ ਅਸੰਭਵ ਸਮਝਿਆ ਜਾਂਦਾ ਸੀ, ਉੱਥੇ ਵੀ ਫੈਸਲਾਕੁੰਨ ਕਦਮ ਚੁੱਕੇ ਗਏ।

ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਸ੍ਰੀ ਲਾਲਪੁਰਾ ਨੇ ਦੋਸ਼ ਲਾਇਆ ਕਿ ਸਥਾਨਕ ਨੁਮਾਇੰਦੇ ਵੱਲੋਂ ਲੋਕਾਂ ਨੂੰ ਯਾਤਰਾ ਵਿੱਚ ਸ਼ਾਮਲ ਨਾ ਹੋਣ ਲਈ ਕਥਿਤ ਤੌਰ 'ਤੇ ਧਮਕਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਪੰਜਾਬ ਲਈ ਗੰਭੀਰ ਸਮੱਸਿਆ ਬਣ ਚੁੱਕਾ ਹੈ ਅਤੇ ਇਸ ਦਾ ਪ੍ਰਭਾਵ ਹੁਣ ਔਰਤਾਂ ਤੱਕ ਵੀ ਪਹੁੰਚ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਇੱਕ ਸਾਲ ਦੌਰਾਨ ਪਠਾਨਕੋਟ ਵਿੱਚ 18 ਤੋਂ 35 ਸਾਲ ਦੀ ਉਮਰ ਦੇ ਕਰੀਬ 100 ਲੋਕ ਨਸ਼ਿਆਂ ਕਾਰਨ ਆਪਣੀ ਜਾਨ ਗੁਆ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਲਈ ਇਸ ਦੀ ਸਪਲਾਈ ਚੇਨ ਤੋੜਨੀ, ਨਸ਼ਾ ਤਸਕਰਾਂ ਦੇ ਕਿੰਗਪਿਨਾਂ ਵਿਰੁੱਧ ਕਾਰਵਾਈ ਕਰਨੀ ਅਤੇ ਨਸ਼ਿਆਂ ਦੇ ਪੈਸੇ ਨਾਲ ਬਣਾਈਆਂ ਜਾਇਦਾਦਾਂ ਨੂੰ ਕੁਰਕ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਛੱਡਣ ਵਾਲਿਆਂ ਨੂੰ ਇਲਾਜ ਦੇ ਨਾਲ-ਨਾਲ ਹੁਨਰ ਅਤੇ ਰੋਜ਼ਗਾਰ ਦੇ ਮੌਕੇ ਵੀ ਮੁਹੱਈਆ ਕਰਵਾਉਣੇ ਹੋਣਗੇ। ਉਨ੍ਹਾਂ ਕਿਹਾ ਕਿ ਮਕਸਦ ਸਿਰਫ਼ ਗ੍ਰਿਫ਼ਤਾਰੀਆਂ ਨਹੀਂ, ਸਗੋਂ ਨਸ਼ਿਆਂ ਦੀ ਕੋੜ੍ਹ ਨੂੰ ਹਕੀਕੀ ਰੂਪ ਵਿੱਚ ਖਤਮ ਕਰਨਾ ਹੈ।

ਸ੍ਰੀ ਲਾਲਪੁਰਾ ਨੇ ਕਿਹਾ ਕਿ ਪੰਜਾਬ ਨੇ 1965 ਅਤੇ 1971 ਦੀਆਂ ਜੰਗਾਂ ਵਿੱਚ ਦੇਸ਼ ਦੀ ਰੱਖਿਆ ਲਈ ਮੋਹਰੀ ਭੂਮਿਕਾ ਨਿਭਾਈ। ਜੇਕਰ ਅੱਜ ਪੰਜਾਬ ਦੀਆਂ ਔਰਤਾਂ ਅਤੇ ਨੌਜਵਾਨ ਵੀ ਨਸ਼ਿਆਂ ਦੀ ਲਪੇਟ ਵਿੱਚ ਆ ਰਹੇ ਹਨ ਤਾਂ ਮਹਾਰਾਜਾ ਰਣਜੀਤ ਸਿੰਘ ਅਤੇ ਹਰੀ ਸਿੰਘ ਨਲੂਆ ਵਰਗੇ ਯੋਧਿਆਂ ਦੀ ਧਰਤੀ ਲਈ ਇਹ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਮਿਹਨਤੀ ਅਤੇ ਬਹਾਦਰ ਲੋਕਾਂ ਦੀ ਧਰਤੀ ਹੈ ਅਤੇ ਸਾਂਝੇ ਯਤਨਾਂ ਨਾਲ ਨਵਾਂ ਪੰਜਾਬ ਸਿਰਜਿਆ ਜਾ ਸਕਦਾ ਹੈ।



ਨਸ਼ਾ ਵਿਰੋਧੀ ਯਾਤਰਾ ਨੂੰ ਕਾਲੇ ਝੰਡੇ ਦਿਖਾਉਣ ਵਾਲਿਆਂ ਨੂੰ ਸ੍ਰੀ ਲਾਲਪੁਰਾ ਨੇ ਸਵਾਲ ਕੀਤਾ ਕਿ ਜੇਕਰ ਉਹ ਸੱਚਮੁੱਚ ਨਸ਼ਿਆਂ ਦੇ ਵਿਰੋਧ ਵਿੱਚ ਹਨ ਤਾਂ ਇਸ ਮੁਹਿੰਮ ਨਾਲ ਜੁੜਨ ਅਤੇ ਨਸ਼ਿਆਂ ਵਿਰੁੱਧ ਇਕੱਠੇ ਤੁਰਨ। ਉਨ੍ਹਾਂ ਲੋਕਾਂ ਨੂੰ ਯਾਤਰਾ ਨੂੰ ਪਿੰਡ-ਪਿੰਡ ਲੈ ਕੇ ਜਾਣ ਅਤੇ ਨਸ਼ਾ ਮੁਕਤ ਪੰਜਾਬ ਲਈ ਸੰਕਲਪ ਲੈਣ ਦਾ ਸੱਦਾ ਦਿੱਤਾ।

ਸਾਬਕਾ ਮੰਤਰੀ ਮਨੋਰੰਜਨ ਕਾਲੀਆ ਨੇ ਕਿਹਾ ਕਿ ਜਿਸ ਪੰਜਾਬ ਨੇ ਦੇਸ਼ ਨੂੰ ਅਨਾਜ ਪੱਖੋਂ ਆਤਮਨਿਰਭਰ ਬਣਾਇਆ ਅਤੇ ਸਰਹੱਦਾਂ ਦੀ ਰੱਖਿਆ ਲਈ ਖ਼ੂਨ ਡੋਲ੍ਹਿਆ, ਅੱਜ ਉਸ ਦਾ ਨਸ਼ਿਆਂ ਵਿੱਚ ਘਿਰਨਾ ਚਿੰਤਾ ਅਤੇ ਚਿੰਤਨ ਦਾ ਵਿਸ਼ਾ ਹੈ। ਉਨ੍ਹਾਂ ਆਮ ਆਦਮੀ ਪਾਰਟੀ ਸਰਕਾਰ 'ਤੇ ਤੰਜ ਕੱਸਦਿਆਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦਾ ਵਾਅਦਾ ਕੀਤਾ ਗਿਆ ਸੀ, ਪਰ ਇਸ ਦਿਸ਼ਾ ਵਿੱਚ ਉਮੀਦ ਮੁਤਾਬਕ ਨਤੀਜੇ ਸਾਹਮਣੇ ਨਹੀਂ ਆਏ। ਉਨ੍ਹਾਂ ਕਿਹਾ ਕਿ ਇਹ ਗੱਲ ਉਹ ਨਹੀਂ, ਸਗੋਂ ਵਿਧਾਨ ਸਭਾ ਦੇ ਸਪੀਕਰ ਵੀ ਕਹਿ ਚੁੱਕੇ ਹਨ ।ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ 'ਤੇ ਗੈਂਗਸਟਰਾਂ ਨੂੰ ਸਿਆਸੀ ਮੌਕੇ ਦੇਣ ਦਾ ਦੋਸ਼ ਵੀ ਲਾਇਆ।

ਯਾਤਰਾ ਦੇ ਇੰਚਾਰਜ ਰਜਨੀਸ਼ ਧੀਮਾਨ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੀ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਵੱਲ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਦਾ ਤਹੱਈਆ ਕੀਤਾ ਹੈ ।ਉਨ੍ਹਾਂ ਕਿਹਾ ਕਿ ਕਾਨੂੰਨ ਦਾ ਰਾਜ ਯਕੀਨੀ ਬਣਾਉਂਦਿਆਂ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਦੀ ਸ਼ਨਾਖਤ ਕਰਕੇ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਡਟ ਕੇ ਖੜ੍ਹਨ ਦਾ ਸੱਦਾ ਦਿੱਤਾ। ਯਾਤਰਾ ਦੇ ਕੋਆਰਡੀਨੇਟਰ ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਕਿਸਾਨੀ, ਖੇਡਾਂ ਅਤੇ ਸਰਹੱਦਾਂ ਦੀ ਰਾਖੀ ਲਈ ਜਾਣੀ ਜਾਂਦੀ ਸੀ, ਪਰ ਅੱਜ ਨਸ਼ਿਆਂ ਨੇ ਇਸ ਨੌਜਵਾਨੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਤਿੰਨ ਮਹੀਨਿਆਂ ਵਿੱਚ ਨਸ਼ਾ ਖਤਮ ਕਰਨ ਦੀ ਗਰੰਟੀ ਦੇਣ ਵਾਲੀ ਸਰਕਾਰ ਸਾਢੇ ਚਾਰ ਸਾਲ ਬਾਅਦ ਵੀ ਇਸ ਮੋਰਚੇ 'ਤੇ ਸਫ਼ਲ ਕਿਉਂ ਨਹੀਂ ਹੋ ਸਕੀ। ਉਨ੍ਹਾਂ ਕਿਹਾ ਕਿ ਭਾਜਪਾ ਨੇ ਸੰਕਲਪ ਕੀਤਾ ਹੈ ਅਤੇ ਇਸ ਨੂੰ ਪੂਰਾ ਕਰਨ ਲਈ ਲੋਕਾਂ ਦੇ ਸਹਿਯੋਗ ਨਾਲ ਕਦਮ-ਦਰ-ਕਦਮ ਅੱਗੇ ਵਧਿਆ ਜਾਵੇਗਾ।

ਇਸ ਮੌਕੇ ਪੰਜਾਬ ਭਾਜਪਾ ਦੇ ਸਕੱਤਰ ਸੂਰਜ ਭਾਰਦਵਾਜ, ਸਾਬਕਾ ਵਿਧਾਇਕਾ ਸੀਮਾ ਦੇਵੀ, ਰਾਜੇਸ਼ ਹਨੀ, ਸੁਰੇਸ਼ ਸ਼ਰਮਾ (ਜ਼ਿਲ੍ਹਾ ਪ੍ਰਧਾਨ), ਕੁਲਦੀਪ ਸਿੰਘ ਕਾਹਲੋਂ, ਸਾਬਕਾ ਡੀਐਸਪੀ ਅਵਤਾਰ ਸਿੰਘ, ਰਾਜਕੁਮਾਰ ਗੁਪਤਾ, ਗਣੇਸ਼ਵਰ ਬਾਬਾ, ਸੰਜੀਵ ਜੱਗੀ, ਸੰਜੀਵ ਗਲੋਟਾ, ਵਿਸ਼ਾਲ ਰਿੰਕੂ, ਅਵਤਾਰ ਸਿੰਘ (ਐਸਸੀ ਮੋਰਚਾ), ਰਜਿੰਦਰ ਸਿੰਘ ਬਿੱਟੂ, ਰਕੇਸ਼ ਮਾਜਰਾ, ਕਮਲ ਕਿਸ਼ੋਰ ਰਤਨਗੜ੍ਹ, ਸੁਰਿੰਦਰ ਬਕਨੌਰ, ਸੱਜਣ ਖਿਆਲਾ, ਸੰਜੀਵ ਸੰਜੂ, ਪਰਸ਼ੋਤਮ, ਤਰਲੋਕ ਸਿੰਘ, ਜੋਗਿੰਦਰ ਪਾਲ, ਦਰਬਾਰੀ ਲਾਲ, ਨਰੇਸ਼ ਕੁਮਾਰ ਅਤੇ ਦੀਪਕ ਸੈਣੀ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਅਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਦੇਸ਼ ਦੇ ਮੋਢੀ ਇੰਜੀਨੀਅਰਾਂ ਨੂੰ ਯਾਦ ਕੀਤਾ ਗਿਆ





**ਤਲਵੰਡੀ ਸਾਬੋ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵੱਲੋਂ ਦੇਸ਼ ਦੇ ਮੋਢੀ ਇੰਜੀਨੀਅਰਾਂ ਨੂੰ ਸਮਰਪਿਤ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਵਿੱਚ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ, ਜਦਕਿ ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ ਨੇ ਤਕਨੀਕੀ ਵਿਕਾਸ ਵਿੱਚ ਇੰਜੀਨੀਅਰਾਂ ਦੇ ਯੋਗਦਾਨ ਬਾਰੇ ਚਾਨਣਾ ਪਾਇਆ। ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਭਵਿੱਖ-ਮੁੱਖੀ ਪ੍ਰੋਜੈਕਟਾਂ ਦੀ ਪ੍ਰਦਰਸ਼ਨੀ ਲਗਾਈ ਗਈ ਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਜਿਨ੍ਹਾਂ ਤੋਂ ਨਵੀਨਤਾ, ਹੁਨਰ ਅਤੇ ਕੁਝ ਹੱਟ ਕੇ ਕਰਨ ਦੀ ਝਲਕ ਮਿਲਦੀ ਸੀ। ਡਾ. ਸਿੰਘ ਨੇ ਤਕਨੀਕੀ ਦੌਰ ਵਿੱਚ ਇੰਜੀਨੀਅਰਾਂ ਦੀਆਂ ਵੱਧ ਰਹੀਆਂ ਜ਼ਿੰਮੇਵਾਰੀਆਂ ਤੇ ਚਾਨਣਾ ਪਾਇਆ। ਉਹਨਾਂ ਵਿਦਿਆਰਥੀਆਂ ਨੂੰ ਨਵੀਨਤਾ ਅਪਨਾਉਣ, ਵੱਖ-ਵੱਖ ਖੇਤਰਾਂ ਵਿੱਚ ਉੱਭਰ ਰਹੀਆਂ ਚਣੌਤੀਆਂ ਅਤੇ ਉਹਨਾਂ ਦੇ ਸਮਾਧਾਨ ਲਈ ਤਿਆਰ ਰਹਿਣ ਵਾਸਤੇ ਪ੍ਰੇਰਿਤ ਕੀਤਾ। ਡਾ. ਵਰਮਾ ਨੇ ਆਜ਼ਾਦੀ ਤੋਂ ਬਾਅਦ ਭਾਰਤ ਦੇ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਦੀਆਂ ਸ਼ਾਨਦਾਰ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਇੰਜੀਨੀਅਰਾਂ ਵੱਲੋਂ, ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਪਾਏ ਮਹੱਤਵਪੂਰਨ ਯੋਗਦਾਨ ਕਾਰਨ ਦੇਸ਼ ਤਰੱਕੀ ਦੇ ਰਾਹ ਤੇ ਤੁਰਨ ਦੇ ਕਾਬਿਲ ਬਣਿਆ ਹੈ। ਉਹਨਾਂ ਕਿਹਾ ਕਿ, "ਅਜੋਕੇ ਸੰਸਾਰ ਵਿੱਚ ਹੁਨਰ ਸਭ ਤੋਂ ਮਹੱਤਵਪੂਰਨ ਅੰਗ ਹੈ ਅਤੇ ਉਹਨਾਂ ਵਿਦਿਆਰਥੀਆਂ ਨੂੰ ਅਕਾਦਮਿਕ ਗਿਆਨ ਦੇ ਨਾਲ-ਨਾਲ ਉਦਯੋਗ ਦੀਆਂ ਲੋੜਾਂ ਅਨੁਸਾਰ ਹੁਨਰ ਵਿਕਸਿਤ ਕਰਨ ਲਈ ਤੱਤਪਰ ਰਹਿਣ ਵਾਸਤੇ ਪ੍ਰੇਰਿਤ ਕੀਤਾ। ਕੁਇਜ਼ ਮੁਕਾਬਲਿਆਂ ਵਿੱਚ ਜੇਤੂਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਹਰ ਵਰ੍ਹੇ ਨੌਜਵਾਨ ਵਿਦਿਆਰਥੀਆਂ ਦੇ ਗਿਆਨ ਵਾਧੇ ਲਈ ਅਜਿਹੇ ਪ੍ਰੋਗਰਾਮ ਕੀਤੇ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਨਸ਼ਿਆਂ ਕਾਰਨ

# ਇੱਕ ਹੋਰ ਪੀੜ੍ਹੀ ਨਹੀਂ ਗੁਆ ਸਕਦਾ: ਵਿਕਰਮਜੀਤ ਸਿੰਘ ਸਾਹਨੀ




**ਨਵੀਂ ਦਿੱਲੀ, 19 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:-ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕਿਹਾ ਕਿ ਪੰਜਾਬ ਨਸ਼ਿਆਂ ਦੀ ਆਦਤ ਕਾਰਨ ਇੱਕ ਹੋਰ ਪੀੜ੍ਹੀ ਨੂੰ ਗੁਆਉਣਾ ਬਰਦਾਸ਼ਤ ਨਹੀਂ ਕਰ ਸਕਦਾ। ਉਨ੍ਹਾਂ ਸੰਸਦੀ ਕਮੇਟੀ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਲਗਭਗ 66 ਲੱਖ ਲੋਕ ਨਸ਼ਿਆਂ ਦੀ ਸਮੱਸਿਆ ਤੋਂ ਪ੍ਰਭਾਵਿਤ ਹਨ, ਜਿਨ੍ਹਾਂ ਵਿੱਚ 10 ਤੋਂ 17 ਸਾਲ ਦੀ ਉਮਰ ਦੇ ਕਰੀਬ 6.97 ਲੱਖ ਬੱਚੇ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਨਸ਼ਾ ਵਿਰੋਧੀ ਲੜਾਈ ਰਾਜਨੀਤੀ ਤੋਂ ਉੱਪਰ ਉੱਠ ਕੇ ਸਾਂਝੇ ਮਿਸ਼ਨ ਵਜੋਂ ਲੜਨੀ ਚਾਹੀਦੀ ਹੈ ਅਤੇ ਸਿਰਫ਼ ਸਮਾਂ-ਸੀਮਾਵਾਂ ਨਹੀਂ, ਸਗੋਂ ਠੋਸ ਨਤੀਜੇ ਸਾਹਮਣੇ ਆਉਣੇ ਚਾਹੀਦੇ ਹਨ। ਸਾਹਨੀ ਨੇ ਨਸ਼ਿਆਂ ਦੀ ਸਪਲਾਈ ਰੋਕਣ ਦੇ ਨਾਲ ਮੰਗ ਘਟਾਉਣ, ਪੁਨਰਵਾਸ ਅਤੇ ਨੌਜਵਾਨਾਂ ਨੂੰ ਮੁੜ ਸਮਾਜ ਨਾਲ ਜੋੜਨ ਲਈ ਕੇਂਦਰ ਤੇ ਪੰਜਾਬ ਸਰਕਾਰ ਵਿਚਕਾਰ ਬਿਹਤਰ ਤਾਲਮੇਲ ਦੀ ਮੰਗ ਕੀਤੀ। ਉਨ੍ਹਾਂ ਬੀਐਸਐਫ, ਨਾਰਕੋਟਿਕਸ ਕੰਟਰੋਲ ਬਿਊਰੋ, ਕੇਂਦਰੀ ਖੁਫੀਆ ਏਜੰਸੀਆਂ ਅਤੇ ਪੰਜਾਬ ਪੁਲਿਸ ਦੀ ਸਾਂਝੀ ਨਸ਼ਾ ਵਿਰੋਧੀ ਟਾਸਕ ਫੋਰਸ ਬਣਾਉਣ ਦਾ ਪ੍ਰਸਤਾਵ ਰੱਖਿਆ। ਉਨ੍ਹਾਂ ਦੱਸਿਆ ਕਿ 19 ਸਰਕਾਰੀ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰਾਂ ਨੂੰ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ 30 ਸਤੰਬਰ ਤੱਕ ਸਾਰੇ 117 ਵਿਧਾਨ ਸਭਾ ਹਲਕਿਆਂ ਤੱਕ ਲਿਜਾਣ ਦੀ ਗੱਲ ਕਹੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਦੀ ਸਿਰਮੌਰ ਸੰਸਥਾ ਦੇ ਨੁਮਾਇੰਦਿਆਂ ਦਾ ਗੰਭੀਰ ਦੋਸ਼ਾਂ ਦੇ ਘੇਰੇ ਵਿੱਚ ਆਉਣਾ ਗੁਰੂ-ਨਾਨਕ ਨਾਮ ਲੇਵਾ ਸਿੱਖ ਨੂੰ ਝੰਜੋੜ ਕੇ ਰੱਖ ਦੇਣ ਵਾਲਾ : ਮਨਪ੍ਰੀਤ ਸਿੰਘ ਇਯਾਲੀ



ਲੁਧਿਆਣਾ, (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਉੱਤੇ ਲੱਗੇ ਬਲਾਤਕਾਰ ਦੇ ਸੰਗੀਨ ਇਲਜ਼ਾਮ ਲੱਗਣ ਉਪੰਰਤ ਅਨੰਦਪੁਰ ਸਾਹਿਬ ਥਾਣੇ ਪਰਚਾ ਦਰਜ ਹੋਇਆ ਹੈ। ਪੂਰੀ ਸਿੱਖ ਕੌਮ ਦੀ ਸਿਰਮੌਰ ਸੰਸਥਾ ਦੇ ਨੁਮਾਇੰਦਿਆਂ ਦਾ ਅਜਿਹੇ ਗੰਭੀਰ ਦੋਸ਼ਾਂ ਦੇ ਘੇਰੇ ਵਿੱਚ ਆਉਣਾ ਹਰ ਗੁਰੂ-ਨਾਨਕ ਨਾਮ ਲੇਵਾ ਸਿੱਖ ਨੂੰ ਝੰਜੋੜ ਕੇ ਰੱਖ ਦੇਣ ਵਾਲਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਮੰਤਰੀ ਮਨਪ੍ਰੀਤ ਸਿੰਘ ਇਯਾਲੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਜੀ ਦੀ ਪਵਿੱਤਰ ਧਰਤੀ ਤੇ ਇਹ ਸੱਭ ਹੋਣਾ ਬਹੁਤ ਹੀ ਦੁਖਦਾਈ ਤੇ ਸ਼ਰਮਨਾਕ ਹੈ। ਪਿਛਲੇ ਲਗਭਗ 15 ਸਾਲਾਂ ਤੋਂ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਜਨਰਲ ਚੋਣਾਂ ਨਾ ਕਰਵਾਉਣ ਦਾ ਹੀ ਇਹ ਖ਼ਿਮਆਜ਼ਾ ਹੈ ਕਿ ਅਜਿਹੇ ਦਾਗੀ ਤੇ ਖ਼ਰਾਬ ਅਕਸ ਵਾਲੇ ਵਿਅਕਤੀ ਇਸ ਪਵਿੱਤਰ ਸੰਸਥਾ 'ਤੇ ਕਾਬਜ਼ ਹੋ ਕੇ ਬੈਠੇ ਹਨ। ਇਸ ਪੂਰੀ ਘਟਨਾ ਅਤੇ ਸੰਸਥਾ ਦੇ ਅਕਸ ਨੂੰ ਲੱਗੇ ਦਾਗ. ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਐਸ.ਜੀ.ਪੀ.ਸੀ. ਪ੍ਰਧਾਨ ਹਰਜਿੰਦਰ ਸਿੰਘ ਧਾਮੀ ਪੂਰੀ ਤਰ੍ਹਾਂ ਜ਼ਿੰਮੇਵਾਰ ਅਤੇ ਕੌਮ ਨੂੰ ਜਵਾਬਦੇਹ ਹਨ। ਇਸ ਮਾਮਲੇ ਦੀ ਨਿਰਪੱਖ ਤੇ ਡੂੰਘਾਈ ਨਾਲ ਜਾਂਚ ਹੋਣੀ ਲਾਜ਼ਮੀ ਹੈ ਤਾਂ ਜੋ ਸੱਚ ਸਾਹਮਣੇ ਆ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖੀ ਬਾਹਰੀ ਦਿਖਾਵੇ ਦਾ ਨਾਮ ਨਹੀਂ, ਅੰਦਰਲੇ ਬਦਲਾਅ ਦਾ ਹੈ ਨਾਮ: ਭਾਈ ਗੁਰਦੇਵ ਸਿੰਘ ਕੋਹਾੜਕਾ


## ਗੁਰੂ ਸਾਹਿਬਾਨ ਅਤੇ ਪੁਰਾਤਨ ਸਿੰਘਾਂ ਨੇ ਸਿਦਕ ਤੇ ਸਿਰੜ ਨਾਲ ਜ਼ੁਲਮ ਅੱਗੇ ਸਿਰ ਨਾ ਝੁਕਾਇਆ, ਸਗੋਂ ਡਟ ਕੇ ਕੀਤਾ ਸੀ ਮੁਕਾਬਲਾ



ਨਵੀਂ ਦਿੱਲੀ 19 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਕਿਹਾ ਕਿ ਸਿੱਖੀ ਸਿਰਫ਼ ਬਾਹਰੀ ਸਰੂਪ ਜਾਂ ਧਾਰਮਿਕ ਦਿਖਾਵੇ ਦਾ ਨਾਮ ਨਹੀਂ, ਸਗੋਂ ਮਨੁੱਖ ਦੇ ਅੰਦਰ ਗੁਰੂ ਦੀ ਸਿੱਖਿਆ ਨੂੰ ਵਸਾਉਣ ਅਤੇ ਆਪਣੇ ਜੀਵਨ ਵਿੱਚ ਬਦਲਾਅ ਲਿਆਉਣ ਦਾ ਨਾਮ ਹੈ। ਉਨ੍ਹਾਂ ਕਿਹਾ ਕਿ ਦਸਤਾਰ, ਕਕਾਰ ਅਤੇ ਗੁਰਬਾਣੀ ਸਿੱਖ ਦੀ ਪਹਿਚਾਣ ਹਨ, ਪਰ ਇਨ੍ਹਾਂ ਦੀ ਅਸਲ ਰੌਸ਼ਨੀ ਉਦੋਂ ਪ੍ਰਗਟ ਹੁੰਦੀ ਹੈ ਜਦੋਂ ਮਨੁੱਖ ਦੇ ਸੁਭਾਅ ਵਿੱਚੋਂ ਹਉਮੈ, ਨਫ਼ਰਤ, ਲਾਲਚ ਅਤੇ ਈਰਖਾ ਘਟਣ ਲੱਗੇ। ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖ ਨੂੰ ਕਰਮਕਾਂਡਾਂ ਅਤੇ ਧਾਰਮਿਕ ਦਿਖਾਵੇ ਤੋਂ ਉੱਪਰ ਉਠ ਕੇ ਸੱਚੇ ਆਚਰਨ ਦਾ ਰਸਤਾ ਦਿਖਾਇਆ। ਹਰਿਦੁਆਰ ਦੀ ਘਟਨਾ ਅਤੇ ਸੱਜਣ ਠੱਗ ਦੇ ਪ੍ਰਸੰਗ ਰਾਹੀਂ ਗੁਰੂ ਸਾਹਿਬ ਨੇ ਸਪੱਸ਼ਟ ਕੀਤਾ ਕਿ ਧਰਮ ਬਾਹਰੀ ਰਸਮ ਨਹੀਂ, ਸਗੋਂ ਮਨ ਅਤੇ ਕਰਮ ਦੀ ਪਵਿੱਤਰਤਾ ਹੈ। ਗੁਰਬਾਣੀ ਦਾ ਫ਼ਰਮਾਨ ਹੈ, "ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ ॥" ਉਨ੍ਹਾਂ ਕਿਹਾ ਕਿ ਗੁਰੂਘਰ ਵਿੱਚ ਮੱਥਾ ਟੇਕਣ ਦੇ ਨਾਲ-ਨਾਲ ਆਪਣੇ ਅੰਦਰ ਵੱਸੇ ਵਿਕਾਰਾਂ ਨੂੰ ਪਛਾਣਨਾ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਸਾਨੂੰ ਸਿਦਕ ਅਤੇ ਕੁਰਬਾਨੀ ਦਾ ਰਸਤਾ ਦਿਖਾਉਂਦਾ ਹੈ। ਗੁਰੂ ਅਰਜਨ ਦੇਵ ਜੀ ਨੇ ਤੱਤੀ ਤਵੀ 'ਤੇ ਬੈਠ ਕੇ ਸਿਦਕ ਕਾਇਮ ਰੱਖਿਆ, ਗੁਰੂ ਤੇਗ ਬਹਾਦਰ ਜੀ ਨੇ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਸੀਸ ਵਾਰ ਦਿੱਤਾ ਅਤੇ ਸਾਹਿਬਜ਼ਾਦਿਆਂ ਨੇ ਜ਼ੁਲਮ ਅੱਗੇ ਝੁਕਣ ਤੋਂ ਇਨਕਾਰ ਕੀਤਾ। ਇਹ ਕੁਰਬਾਨੀਆਂ ਸਿਰਫ਼ ਇਤਿਹਾਸਕ ਘਟਨਾਵਾਂ ਨਹੀਂ, ਸਗੋਂ ਅੱਜ ਦੇ ਸਿੱਖ ਲਈ ਆਪਣੇ ਜੀਵਨ ਨੂੰ ਤੋਲਣ ਦੀ ਕਸੌਟੀ ਹਨ। ਭਾਈ ਗੁਰਦੇਵ ਸਿੰਘ ਨੇ ਗੁਰਬਾਣੀ ਦੀ ਪੰਕਤੀ "ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ ॥1॥" ਦਾ ਹਵਾਲਾ ਦਿੰਦਿਆਂ ਕਿਹਾ ਕਿ ਨਾਮ ਨਾਲ ਜੁੜੀ ਮਿਹਨਤ ਅਤੇ ਸੱਚਾ ਆਚਰਨ ਹੀ ਜੀਵਨ ਨੂੰ ਸਾਰਥਕ ਬਣਾਉਂਦੇ ਹਨ। ਦਸਤਾਰ ਸਿਰ ਦੀ ਸ਼ਾਨ ਹੈ, ਪਰ ਨਿਮਰਤਾ ਕਿਰਦਾਰ ਦੀ ਸ਼ਾਨ ਹੈ। ਕੜਾ ਹੱਥ ਵਿੱਚ ਪਾਉਣਾ ਸੌਖਾ ਹੈ, ਪਰ ਉਸ ਹੱਥ ਨੂੰ ਕਿਸੇ ਨਾਲ ਬੇਇਨਸਾਫ਼ੀ ਤੋਂ ਰੋਕਣਾ ਸਿੱਖੀ ਦੀ ਅਸਲ ਕਸੌਟੀ ਹੈ। ਉਨ੍ਹਾਂ ਕਿਹਾ ਕਿ ਅੱਜ ਲੋੜ ਦੂਜਿਆਂ ਦੀ ਸਿੱਖੀ ਪਰਖਣ ਦੀ ਨਹੀਂ, ਸਗੋਂ ਆਪਣੇ ਅੰਦਰ ਝਾਤੀ ਮਾਰਨ ਦੀ ਹੈ। ਕੀ ਗੁਰਬਾਣੀ ਸਾਡੀ ਜ਼ੁਬਾਨ ਤੋਂ ਉਤਰ ਕੇ ਸਾਡੇ ਜੀਵਨ ਵਿੱਚ ਆਈ ਹੈ ? ਕੀ ਸਾਡਾ ਵਿਹਾਰ ਉਸ ਸਿੱਖਿਆ ਦੀ ਗਵਾਹੀ ਦਿੰਦਾ ਹੈ ? ਇਹ ਸਵਾਲ ਹਰ ਸਿੱਖ ਨੂੰ ਆਪਣੇ ਆਪ ਤੋਂ ਪੁੱਛਣਾ ਚਾਹੀਦਾ ਹੈ। ਅੰਤ ਵਿਚ ਭਾਈ ਗੁਰਦੇਵ ਸਿੰਘ ਨੇ ਕਿਹਾ ਕਿ ਸਿੱਖੀ ਦਾ ਮਕਸਦ ਦੁਨੀਆ ਨੂੰ ਆਪਣਾ ਧਾਰਮਿਕ ਰੂਪ ਦਿਖਾਉਣਾ ਨਹੀਂ, ਬਲਕਿ ਆਪਣੇ ਅੰਦਰ ਅਜਿਹਾ ਬਦਲਾਅ ਲਿਆਉਣਾ ਹੈ ਜਿਸ ਨਾਲ ਸਾਡਾ ਜੀਵਨ ਆਪ ਗੁਰੂ ਦੀ ਸਿੱਖਿਆ ਦੀ ਗਵਾਹੀ ਬਣ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਪ੍ਰੀਤਮ ਸਿੰਘ ਤਰਸਿੱਕਾ ਦੀ ਸਾਲਾਨਾ ਬਰਸੀ ਅੱਜ : ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕਾ





ਚੌਕ ਮਹਿਤਾ,19 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਦੀ ਛੇਵੀਂ ਸਾਲਾਨਾ ਬਰਸੀ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ (ਅੰਮ੍ਰਿਤਸਰ) ਵਿਖੇ 20 ਸਤੰਬਰ ਦਿਨ ਐਤਵਾਰ ਨੂੰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ । ਸ੍ਰੀ ਮਾਨ ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਅਨੁਸਾਰ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਜਾਣਗੇ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਜਾਣਗੇ ਜਿਸ ਵਿਚ ਕੀਰਤਨੀਏ, ਢਾਡੀ, ਕਵੀਸ਼ਰੀ ਜਥੇ, ਪ੍ਰਚਾਰਕ, ਕਥਾਵਾਚਕ ਸੰਗਤਾ ਨੂੰ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਤੇ ਅੱਖਾਂ ਦਾ ਫ੍ਰੀ ਚੈਕਅੱਪ ਕੈਂਪ ਲਗਾਇਆ ਜਾ ਰਿਹਾ ਹੈ ਜਿਸ ਵਿਚ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਮਾਹਰ ਡਾਕਟਰ ਅੱਖਾਂ ਦਾ ਮੁਫ਼ਤ ਚੈਕਅੱਪ ਕਰਨਗੇ।

### ਐਸਓਆਈ ਦੀ ਹੂੰਝਾਫੇਰ ਜਿੱਤ

# ਕਾਲਕਾ-ਸਿਰਸਾ ਜੋੜੀ ਖਿਲਾਫ ਅਕਾਲੀ ਜੇਨ ਜ਼ੈਡ ਦਾ ਵੱਡਾ ਫਤਵਾ: ਪਰਮਜੀਤ ਸਿੰਘ ਸਰਨਾ



**ਨਵੀਂ ਦਿੱਲੀ, 19 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ ਕਾਮਰਸ ਦੀਆਂ ਵਿਦਿਆਰਥੀ ਚੋਣਾਂ ਵਿੱਚ ਸਟੂਡੈਂਟਸ ਆਰਗੇਨਾਈਜ਼ੇਸ਼ਨ ਆਫ ਇੰਡੀਆ ਯਾਨੀ ਐਸਓਆਈ ਦੀ ਵੱਡੀ ਜਿੱਤ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਮਨਜਿੰਦਰ ਸਿੰਘ ਸਿਰਸਾ ਖਿਲਾਫ ਅਕਾਲੀ ਜਨਰੇਸ਼ਨ ਜ਼ੈੱਡ ਦਾ ਇੱਕ ਵੱਡਾ ਫਤਵਾ ਕਰਾਰ ਦਿੱਤਾ ਹੈ। ਸਰਨਾ ਅਨੁਸਾਰ ਐਸਓਆਈ ਵੱਲੋਂ ਸਾਰੀਆਂ ਸੀਟਾਂ ਉੱਤੇ ਹਾਸਲ ਕੀਤੀ ਜਿੱਤ ਤੋਂ ਇਹ ਸਾਫ ਹੁੰਦਾ ਹੈ ਕਿ ਸਿੱਖ ਨੌਜਵਾਨ ਕਾਲਕਾ ਅਤੇ ਸਿਰਸਾ ਦੀ ਧੱਕੇਸ਼ਾਹੀ ਨਿਯੰਤਰਣ ਅਤੇ ਮਾਲੀ ਅਪਾਰਦਰਸ਼ਤਾ ਵਾਲੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਨਕਾਰ ਚੁੱਕੇ ਹਨ। ਉਹਨਾਂ ਦੋਸ਼ ਲਾਇਆ ਕਿ ਇਹਨਾਂ ਆਗੂਆਂ ਦੇ ਪ੍ਰਸ਼ਾਸਨ ਨੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਗੰਭੀਰ ਵਿੱਤੀ ਸੰਕਟ ਵਿੱਚ ਧੱਕ ਦਿੱਤਾ ਹੈ ਅਤੇ ਹੁਣ ਨਵੀਂ ਪੀੜ੍ਹੀ ਕਮੇਟੀ ਦੇ ਹਿਸਾਬ ਕਿਤਾਬ ਵਿੱਚ ਜਵਾਬਦੇਹੀ ਮੰਗ ਰਹੀ ਹੈ। ਸਰਨਾ ਨੇ ਇਹ ਵੀ ਕਿਹਾ ਕਿ ਕਿਸੇ ਸੰਸਥਾ ਉੱਤੇ ਕਬਜ਼ਾ ਕਰਕੇ ਜਾਂ ਸਿੱਖ ਪਛਾਣ ਦੀ ਦੁਰਵਰਤੋਂ ਕਰਕੇ ਨੌਜਵਾਨਾਂ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ। ਇਸ ਜਿੱਤ ਨੂੰ ਹੋਰ ਵੀ ਮਹੱਤਵਪੂਰਨ ਦੱਸਦਿਆਂ ਸਰਨਾ ਨੇ ਯਾਦ ਕਰਵਾਇਆ ਕਿ ਪਿੱਛੇ ਜਿਹੇ ਕਾਲਕਾ ਸਿਰਸਾ ਧੜੇ ਨੇ ਐਸਓਆਈ ਦੇ ਉਮੀਦਵਾਰ ਅਸ਼ਮੀਤ ਸਿੰਘ ਨੂੰ ਪਤਿਤ ਘੋਸ਼ਿਤ ਕਰਕੇ ਉਸ ਦੀ ਸਿੱਖ ਪਛਾਣ ਉੱਤੇ ਸਵਾਲ ਚੁੱਕੇ ਸਨ ਜਿਸ ਦਾ ਉਹਨਾਂ ਨੇ ਵਿਰੋਧ ਕੀਤਾ ਸੀ। ਇਸ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਨੇ 16 ਸਤੰਬਰ ਨੂੰ ਲਿਖਤੀ ਪੱਤਰ ਜਾਰੀ ਕਰਕੇ ਅਸ਼ਮੀਤ ਸਿੰਘ ਦੇ ਸਾਬਤ ਸੂਰਤ ਹੋਣ ਦੀ ਪੁਸ਼ਟੀ ਕੀਤੀ ਸੀ ਅਤੇ ਉਸ ਨੂੰ ਰਹਿਤ ਮਰਿਆਦਾ ਵਿੱਚ ਰਹਿਣ ਦੀ ਹਦਾਇਤ ਕੀਤੀ ਸੀ। ਸਰਨਾ ਨੇ ਕਿਹਾ ਕਿ ਜਿਸ ਨੌਜਵਾਨ ਪੀੜ੍ਹੀ ਨੂੰ ਇਹ ਸਮਝਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਕਿ ਕੌਣ ਸਿੱਖ ਹੈ ਅਤੇ ਕੌਣ ਨਹੀਂ ਉਸੇ ਪੀੜ੍ਹੀ ਨੇ ਵੋਟਾਂ ਰਾਹੀਂ ਕਰਾਰਾ ਜਵਾਬ ਦੇ ਦਿੱਤਾ ਹੈ ਕਿ ਕਾਲਕਾ ਜਾਂ ਸਿਰਸਾ ਕੋਈ ਸਮਾਨਾਂਤਰ ਅਕਾਲ ਤਖ਼ਤ ਨਹੀਂ ਬਣ ਸਕਦੇ। ਇਸ ਦੇ ਨਾਲ ਹੀ ਸਰਨਾ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਤੋਂ ਡੇਲੋਇਟ ਆਡਿਟ ਰਿਪੋਰਟ ਜਨਤਕ ਕਰਨ ਅਤੇ ਸਾਲ 2002 ਤੋਂ ਲੈ ਕੇ ਹੁਣ ਤੱਕ ਦੇ ਖਰਚਿਆਂ ਦਾ ਸੁਤੰਤਰ ਆਡਿਟ ਕਰਵਾਉਣ ਦੀ ਆਪਣੀ ਮੰਗ ਨੂੰ ਮੁੜ ਦੁਹਰਾਇਆ।

### ਅਕਾਲ ਯੂਨੀਵਰਸਿਟੀ ਵਿਖੇ ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2027 ਕੁਇਜ਼ ਲਈ

# ਮੈਗਾ ਭਾਗੀਦਾਰੀ ਮੁਹਿੰਮ ਆਯੋਜਿਤ



**ਤਲਵੰਡੀ ਸਾਬੋ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਵਿਖੇ ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ-2027 ਕੁਇਜ਼ ਲਈ ਮੈਗਾ ਭਾਗੀਦਾਰੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਦਾ ਉਦੇਸ਼ ਵੱਧ ਤੋਂ ਵੱਧ ਨੌਜਵਾਨਾਂ ਨੂੰ ਇਸ ਰਾਸ਼ਟਰੀ ਪੱਧਰ ਦੀ ਪਹਿਲਕਦਮੀ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਸੀ। ਇਹ ਪ੍ਰੋਗਰਾਮ ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ ਨੈਸ਼ਨਲ ਸਰਵਿਸ ਸਕੀਮ, ਖੇਤਰੀ ਡਾਇਰੈਕਟੋਰੇਟ, ਚੰਡੀਗੜ੍ਹ ਵੱਲੋਂ ਮਿਸ਼ਨ ਮੋਡ ਵਿੱਚ ਚਲਾਈ ਜਾ ਰਹੀ ਦੇਸ਼-ਵਿਆਪੀ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ ਆਯੋਜਿਤ ਕੀਤਾ ਗਿਆ। ਇਸ ਮੁਹਿੰਮ ਵਿੱਚ ਅਕਾਲ ਯੂਨੀਵਰਸਿਟੀ ਦੇ 400 ਤੋਂ ਵੱਧ ਵਿਦਿਆਰਥੀਆਂ ਅਤੇ NSS ਵਲੰਟੀਅਰਾਂ ਨੇ ਸਰਗਰਮੀ ਨਾਲ ਭਾਗ ਲਿਆ। ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਇਸ ਪਹਿਲਕਦਮੀ ਬਾਰੇ ਜਾਣਕਾਰੀ ਦੇਣਾ ਅਤੇ ਉਨ੍ਹਾਂ ਨੂੰ ਇਸ ਦੇ ਵੱਖ-ਵੱਖ ਪੜਾਵਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਨਾ ਸੀ। ਮੁਹਿੰਮ ਦੌਰਾਨ ਵਿਦਿਆਰਥੀਆਂ ਨੂੰ ਆਨਲਾਈਨ ਕੁਇਜ਼, ਮਾਈ ਭਾਰਤ ਪੋਰਟਲ ਰਾਹੀਂ ਰਜਿਸਟ੍ਰੇਸ਼ਨ ਪ੍ਰਕਿਰਿਆ, ਯੋਗਤਾ ਮਾਪਦੰਡ ਅਤੇ ਮੁਕਾਬਲੇ ਦੇ ਅਗਲੇ ਪੜਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਰਾਸ਼ਟਰੀ ਵਿਕਾਸ ਨਾਲ ਸਬੰਧਤ ਮੁੱਦਿਆਂ ਬਾਰੇ ਆਪਣੇ ਵਿਚਾਰ ਸਾਂਝੇ ਕਰਨ ਅਤੇ ਵਿਕਸਿਤ ਭਾਰਤ @2047 ਦੇ ਵਿਜ਼ਨ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸ਼੍ਰੀ ਅੰਕੁਸ਼ ਨਿਝਾਵਨ, ਯੰਗ ਪ੍ਰੋਫੈਸ਼ਨਲ, ਖੇਤਰੀ ਡਾਇਰੈਕਟੋਰੇਟ NSS, ਚੰਡੀਗੜ੍ਹ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਇਸ ਮੁਹਿੰਮ ਦੇ ਉਦੇਸ਼ਾਂ ਅਤੇ ਇਸ ਦੇ ਵੱਖ-ਵੱਖ ਪੜਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਨੌਜਵਾਨਾਂ ਨੂੰ ਆਪਣੀ ਲੀਡਰਸ਼ਿਪ, ਰਚਨਾਤਮਕਤਾ, ਨਵੀਨਤਾ ਅਤੇ ਰਾਸ਼ਟਰ-ਨਿਰਮਾਣ ਨਾਲ ਸਬੰਧਤ ਵਿਚਾਰਾਂ ਨੂੰ ਰਾਸ਼ਟਰੀ ਪੱਧਰ 'ਤੇ ਪੇਸ਼ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦੀ ਹੈ। ਸ਼੍ਰੀ ਨਿਝਾਵਨ ਨੇ ਵਿਦਿਆਰਥੀਆਂ ਨੂੰ ਉਤਸ਼ਾਹ ਨਾਲ ਭਾਗ ਲੈਣ ਅਤੇ ਇਸ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਵਿਕਸਿਤ ਭਾਰਤ ਕੁਇਜ਼ 17 ਅਗਸਤ ਤੋਂ 30 ਸਤੰਬਰ 2026 ਤੱਕ ਮਾਈ ਭਾਰਤ ਪੋਰਟਲ 'ਤੇ 15 ਤੋਂ 29 ਸਾਲ ਦੀ ਉਮਰ ਵਰਗ ਦੇ ਨੌਜਵਾਨਾਂ ਲਈ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਕੁਇਜ਼ ਵਿੱਚ ਸਫਲ ਭਾਗੀਦਾਰ ਮੁਕਾਬਲੇ ਦੇ ਅਗਲੇ ਪੜਾਵਾਂ ਵਿੱਚ ਹਿੱਸਾ ਲੈਣਗੇ, ਜਿਨ੍ਹਾਂ ਵਿੱਚ ਵਿਕਸਿਤ ਭਾਰਤ ਲੇਖ ਮੁਕਾਬਲਾ, ਜ਼ਿਲ੍ਹਾ ਪੱਧਰੀ ਚੈਂਪੀਅਨਸ਼ਿਪ, ਰਾਜ/ਕੇਂਦਰ ਸ਼ਾਸਿਤ ਪ੍ਰਦੇਸ਼ ਪੱਧਰੀ ਪੜਾਅ ਅਤੇ ਅੰਤ ਵਿੱਚ ਰਾਸ਼ਟਰੀ ਪੱਧਰ 'ਤੇ ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ ਸ਼ਾਮਲ ਹਨ। ਯੂਨੀਵਰਸਿਟੀ ਦੇ ਅਧਿਕਾਰੀਆਂ ਅਤੇ ਫੈਕਲਟੀ ਮੈਂਬਰਾਂ ਨੇ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਸਰਗਰਮੀ ਨਾਲ ਸਹਿਯੋਗ ਦਿੱਤਾ ਅਤੇ ਵਿਦਿਆਰਥੀਆਂ ਤੇ NSS ਵਲੰਟੀਅਰਾਂ ਨੂੰ ਇਸ ਪਹਿਲਕਦਮੀ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ। ਪ੍ਰੋ. ਸਵਰਨ ਸਿੰਘ, ਰਜਿਸਟਰਾਰ, ਅਕਾਲ ਯੂਨੀਵਰਸਿਟੀ ਨੇ ਵਿਦਿਆਰਥੀਆਂ ਦੀ ਉਤਸ਼ਾਹਪੂਰਣ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਇਸ ਰਾਸ਼ਟਰੀ ਪਹਿਲਕਦਮੀ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਡਾ. ਜਨਪ੍ਰੀਤ ਸਿੰਘ, ਡੀਨ ਵਿਦਿਆਰਥੀ ਭਲਾਈ-ਕਮ-NSS ਪ੍ਰੋਗਰਾਮ ਕੋਆਰਡੀਨੇਟਰ, ਡਾ. ਹਿਲਾਲ ਰਮਜ਼ਾਨ, NSS ਪ੍ਰੋਗਰਾਮ ਅਫ਼ਸਰਾਂ ਅਤੇ ਫੈਕਲਟੀ ਮੈਂਬਰਾਂ ਨੇ ਵੀ ਸ਼ਿਰਕਤ ਕੀਤੀ ਅਤੇ ਪ੍ਰੋਗਰਾਮ ਦੇ ਸਫਲ ਆਯੋਜਨ ਵਿੱਚ ਸਹਿਯੋਗ ਦਿੱਤਾ। ਮੈਗਾ ਭਾਗੀਦਾਰੀ ਮੁਹਿੰਮ ਨੂੰ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਵਿਦਿਆਰਥੀਆਂ ਦੀ ਉਤਸ਼ਾਹਪੂਰਣ ਭਾਗੀਦਾਰੀ ਨੇ ਰਾਸ਼ਟਰੀ ਪੱਧਰ ਦੀਆਂ ਯੁਵਾ ਭਾਗੀਦਾਰੀ ਅਤੇ ਲੀਡਰਸ਼ਿਪ ਪਹਿਲਕਦਮੀਆਂ ਵਿੱਚ ਉਨ੍ਹਾਂ ਦੀ ਰੁਚੀ ਨੂੰ ਦਰਸਾਇਆ। ਪ੍ਰੋਗਰਾਮ ਨੇ ਵਿਕਸਿਤ ਭਾਰਤ @2047 ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਨੌਜਵਾਨਾਂ ਦੀ ਭੂਮਿਕਾ ਅਤੇ ਉਨ੍ਹਾਂ ਦੇ ਵਿਚਾਰਾਂ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ।

# ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣਾ ਵਾਲਿਆਂ ਸਲਾਨਾ ਬਰਸੀ 13,14,15 ਅਕਤੂਬਰ ਨੂੰ ਐਡਵੋਕੇਟ ਲੋਕਦੀਪ ਸਿੰਘ ਘੁੰਮਣ



**ਚੌਕ ਮਹਿਤਾ, 19 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਅੰਗੀਠਾ ਸਾਹਿਬ ਨਿੱਕੇ ਘੁੰਮਣਾ ਵਿੱਖੇ ਪੂਰਨ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਸਲਾਨਾ ਬਰਸੀ 13, 14, 15 ਅਕਤੂਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਸੰਤ ਬਾਬਾ ਬੁੱਧ ਸਿੰਘ ਜੀ ਦੀ ਅਗਵਾਈ ਹੇਠ ਮਨਾਈ ਜਾ ਰਹੀ ਹੈ। ਇਸ ਮੌਕੇ ਸੰਤ ਬਾਬਾ ਬੁੱਧ ਸਿੰਘ ਜੀ ਦੇ ਸਪੁੱਤਰ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਨੇ ਦੱਸਿਆ ਕਿ ਇਸ ਬਰਸੀਂ ਸਮਾਗਮ ਵਿੱਚ ਇਲਾਕੇ, ਪੂਰੇ ਪੰਜਾਬ ਅਤੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵਿੱਚ ਬਹੁਤ ਭਾਰੀ ਉਤਸ਼ਾਹ ਹੈ।ਕਾਫੀ ਪਿੱਛਲੇ ਦਿਨਾਂ ਵਿੱਚ ਸੰਗਤਾਂ ਸਾਫ ਸਫਾਈ ਕਰ ਰਹੀਆਂ ਹਨ। ਇਸ ਬਰਸੀਂ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਸਮੂਹ ਸੰਪਰਦਾਵਾਂ ਦੇ ਮੁੱਖੀ ਸੰਤ, ਮਹਾਂਪੁਰਖ, ਨਿਹੰਗ ਸਿੰਘ ਜਥੇਬੰਦੀਆਂ, ਸਮਾਜ ਸੇਵੀ ਸੰਸਥਾਵਾਂ ਰਾਜਨੀਤਕ ਪਾਰਟੀਆਂ ਪਾਉਚ ਰਹੀਆਂ ਹਨ। ਇਸ ਮੌਕੇ ਤੇ ਸੰਤ ਬਾਬਾ ਬੁੱਧ ਸਿੰਘ ਜੀ ਅਤੇ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ।ਤਨ ਮਨ ਧਨ ਨਾਲ ਸੇਵਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰਨ।

# ਪਿੰਡ ਬਾਘਾ ਵਿਖੇ 'ਆਪ' ਨੂੰ ਮਿਲਿਆ ਵੱਡਾ ਹੁੰਗਾਰਾ, ਅਕਾਲੀ ਦਲ ਤੇ ਕਾਂਗਰਸ ਨਾਲ ਸਬੰਧਤ ਕਈ ਪਰਿਵਾਰ ਪਾਰਟੀ 'ਚ ਸ਼ਾਮਲ





**ਤਲਵੰਡੀ ਸਾਬੋ, 19 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਪਿੰਡ ਬਾਘਾ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰਾਪਤ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਅਤੇ ਹਲਕੇ ਦੇ ਸਰਬਪੱਖੀ ਵਿਕਾਸ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਹਰੇਕ ਵਰਕਰ ਅਤੇ ਪਰਿਵਾਰ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਬਣਦੀ ਜ਼ਿੰਮੇਵਾਰੀ ਦਿੱਤੀ ਜਾਵੇਗੀ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਇਨ੍ਹਾਂ ਪਰਿਵਾਰਾਂ ਦੇ 'ਆਪ' ਨਾਲ ਜੁੜਨ ਨਾਲ ਪਿੰਡ ਬਾਘਾ ਵਿੱਚ ਪਾਰਟੀ ਦਾ ਜਥੇਬੰਦਕ ਆਧਾਰ ਹੋਰ ਮਜ਼ਬੂਤ ਹੋਇਆ ਹੈ। ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗ ਲੈਣ ਅਤੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸਥਾਨਕ ਆਗੂ, ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਹੁਸ਼ਿਆਰਪੁਰ ਜ਼ਿਲ੍ਹਾ ਬਾਰ ਐਸੋਸੀਏਸ਼ਨ 'ਚ ਔਰਤਾਂ ਦਾ ਦਬਦਬਾ: ਐਡਵੋਕੇਟ ਗੁਰਪ੍ਰੀਤ ਕੌਰ ਬਣੀ ਪਹਿਲੀ ਔਰਤ ਉਪ-ਪ੍ਰਧਾਨ

**ਹੁਸ਼ਿਆਰਪੁਰ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮਾਨਯੋਗ ਸੁਪਰੀਮ ਕੋਰਟ ਵੱਲੋਂ ਜ਼ਿਲ੍ਹਾ ਬਾਰ ਐਸੋਸੀਏਸ਼ਨਾਂ ਵਿੱਚ ਔਰਤਾਂ ਲਈ 30 ਫੀਸਦੀ ਰਾਖਵੇਂਕਰਨ ਦੇ ਲਏ ਗਏ ਇਤਿਹਾਸਕ ਫ਼ੈਸਲੇ ਤੋਂ ਬਾਅਦ, ਹੁਸ਼ਿਆਰਪੁਰ ਬਾਰ ਐਸੋਸੀਏਸ਼ਨ ਦੀਆਂ ਚੋਣਾਂ ਵਿੱਚ ਔਰਤਾਂ ਨੇ ਨਵੇਂ ਕੀਰਤੀਮਾਨ ਸਥਾਪਿਤ ਕੀਤੇ ਹਨ। ਚੋਣ ਨਤੀਜੇ ਆਉਣ ਤੋਂ ਬਾਅਦ ਐਡਵੋਕੇਟ ਗੁਰਪ੍ਰੀਤ ਕੌਰ ਨੇ ਹੁਸ਼ਿਆਰਪੁਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੀ ਪਹਿਲੀ ਔਰਤ ਉਪ-ਪ੍ਰਧਾਨ ਬਣ ਕੇ ਇਤਿਹਾਸ ਰਚ ਦਿੱਤਾ ਹੈ। ਇਸ ਸ਼ਾਨਦਾਰ ਜਿੱਤ ਤੋਂ ਬਾਅਦ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦੀ ਹੁਸ਼ਿਆਰਪੁਰ ਤੋਂ ਪਹਿਲੀ ਚੁਣੀ ਗਈ ਔਰਤ ਮੈਂਬਰ ਡਾ. ਰਜਨੀ ਨੰਦਾ ਵੱਲੋਂ ਐਡਵੋਕੇਟ ਗੁਰਪ੍ਰੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਐਸ.ਜੀ.ਪੀ.ਸੀ. ਦੇ ਪ੍ਰਧਾਨ ਐਡਵੋਕੇਟ ਐਚ.ਐਸ. ਧਾਮੀ ਵੱਲੋਂ ਵੀ ਐਡਵੋਕੇਟ ਗੁਰਪ੍ਰੀਤ ਕੌਰ ਨੂੰ ਆਪਣੇ ਗ੍ਰਹਿ ਨਿਵਾਸ ਵਿਖੇ ਮੂੰਹ ਮਿੱਠਾ ਕਰਵਾ ਕੇ ਇਸ ਇਤਿਹਾਸਕ ਜਿੱਤ ਲਈ ਵਿਸ਼ੇਸ਼ ਵਧਾਈ ਦਿੱਤੀ ਗਈ। ਨਾਰੀ ਸ਼ਕਤੀਕਰਨ ਦੀ ਪ੍ਰਤੱਖ ਮਿਸਾਲ ਪੇਸ਼ ਕਰਦਿਆਂ ਇਸ ਵਾਰ ਦੀਆਂ ਚੋਣਾਂ ਵਿੱਚ ਐਡਵੋਕੇਟ ਨੈਂਸੀ ਸ਼ਰਮਾ ਜੁਆਇੰਟ ਸੈਕਟਰੀ ਚੁਣੀ ਗਈ ਹੈ। ਇਸ ਦੇ ਨਾਲ ਹੀ ਐਗਜ਼ੀਕਿਊਟਿਵ ਮੈਂਬਰਾਂ ਵਜੋਂ ਵੀ 3 ਔਰਤਾਂ—ਰਿਤਿਕਾ ਸਿੰਘ, ਚੇਤਨਾ ਕੁਮਰਾ ਅਤੇ ਮਨਦੀਪ ਕੌਰ ਨੇ ਜਿੱਤ ਹਾਸਲ ਕੀਤੀ ਹੈ। ਬਾਰ ਐਸੋਸੀਏਸ਼ਨ ਵਿੱਚ ਔਰਤਾਂ ਦੀ ਇਹ ਵੱਡੀ ਪ੍ਰਤੀਨਿਧਤਾ ਕਾਨੂੰਨੀ ਖੇਤਰ ਵਿੱਚ ਮਹਿਲਾ ਸ਼ਕਤੀਕਰਨ ਵੱਲ ਇੱਕ ਵੱਡਾ ਕਦਮ ਹੈ।

### ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਯੂਥ ਵਿੰਗ ਵਿੱਚ

# ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ : ਸ. ਤਲਵੰਡੀ


ਯੂਨਿਸ ਮਲਿਕ
ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਮਾਲੇਰਕੋਟਲਾ


ਹਰਵਿੰਦਰ ਸਿੰਘ ਡੰਡੋਆ
ਸੀਨੀਅਰ ਮੀਤ ਪ੍ਰਧਾਨ ਯੂਥ ਵਿੰਗ


ਪਰਮਿੰਦਰ ਸਿੰਘ ਕਪੂਰੀ
ਮੀਤ ਪ੍ਰਧਾਨ ਯੂਥ ਵਿੰਗ


ਗੁਰਧਿਆਨ ਸਿੰਘ ਬੋਸਰ ਕਲਾਂ
ਜਨਰਲ ਸਕੱਤਰ ਯੂਥ ਵਿੰਗ


ਸੁਖਚੈਨ ਸਿੰਘ ਹੁਸੈਨਪੁਰ ਜੌਲਾ
ਜਨਰਲ ਸਕੱਤਰ ਯੂਥ ਵਿੰਗ


ਜੋਬਨਜੀਤ ਸਿੰਘ
ਜਨਰਲ ਸਕੱਤਰ ਯੂਥ ਵਿੰਗ


ਅਜੀਤ ਸਿੰਘ ਰੁਬਲ ਗਿੱਲ
ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਬਰਨਾਲਾ


ਤਰਲੋਕ ਸਿੰਘ ਹਾਜੀਪੁਰ
ਜਨਰਲ ਸਕੱਤਰ ਯੂਥ ਵਿੰਗ


ਵਿਸ਼ਾਲ ਬਾਂਸਲ
IT ਵਿੰਗ ਪ੍ਰਧਾਨ ਜ਼ਿਲ੍ਹਾ ਬਰਨਾਲਾ


ਬੀਰਿੰਦਰ ਸਿੰਘ
IT ਵਿੰਗ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸੰਗਰੂਰ


ਨਵੀਨ ਸ਼ਰਮਾਂ
IT ਵਿੰਗ ਜ਼ਿਲ੍ਹਾ ਪ੍ਰਧਾਨ ਦਿਹਾਤੀ ਸੰਗਰੂਰ

**ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ, ਜਨਰਲ ਸਕੱਤਰ ਅਤੇ ਕੁਝ ਜਿਲੇਵਾਰ ਅਹੁਦੇਦਾਰ ਬਣਾਏ ਗਏ**

**ਚੰਡੀਗੜ੍ਹ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਯੂਥ ਵਿੰਗ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਨੇ ਇਕ ਪ੍ਰੈਸ ਬਿਆਨ ਜਾਰੀ ਕਰਕੇ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਯੂਥ ਵਿੰਗ ਦਾ ਵਿਸਥਾਰ ਕੀਤਾ ਗਿਆ ਹੈ। ਇਸ ਵਿੱਚ ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ, ਜਨਰਲ ਸਕੱਤਰ ਅਤੇ ਕੁਝ ਜਿਲੇਵਾਰ ਅਹੁਦੇਦਾਰ ਬਣਾਏ ਗਏ ਹਨ। ਇਹ ਨਵੀਂ ਨਿਯੁਕਤੀਆਂ ਹੇਠ ਲਿਖੇ ਅਨੁਸਾਰ ਕੀਤੀਆਂ ਗਈਆਂ ਹਨ-;

ਸੀਨੀਅਰ ਮੀਤ ਪ੍ਰਧਾਨ - 1. ਸ ਹਰਵਿੰਦਰ ਸਿੰਘ ਡੰਡੋਆ।

ਮੀਤ ਪ੍ਰਧਾਨ - 1. ਸ ਪਰਮਿੰਦਰ ਸਿੰਘ ਕਪੂਰੀ।

ਜਨਰਲ ਸਕੱਤਰ -1. ਸ ਗੁਰਧਿਆਨ ਸਿੰਘ ਬੋਸਰ। 2. ਸ ਸੁਖਚੈਨ ਸਿੰਘ ਹੁਸੈਨਪੁਰ ਜੌਲਾ। 3. ਸ ਜੋਬਨਜੀਤ ਸਿੰਘ। 4. ਸ ਤਰਲੋਕ ਸਿੰਘ ਹਾਜੀਪੁਰ।

ਜ਼ਿਲ੍ਹਾ ਪ੍ਰਧਾਨ - 1. ਅਜੀਤ ਸਿੰਘ (ਰੂਬਲ ਗਿੱਲ) ਜ਼ਿਲ੍ਹਾ ਬਰਨਾਲਾ। 2. ਯੂਨਿਸ ਮਲਿਕ ਜਿਲ੍ਹਾ ਮਾਲੇਰਕੋਟਲਾ।

ਆਈ. ਟੀ. ਵਿੰਗ ਜ਼ਿਲ੍ਹਾ ਪ੍ਰਧਾਨ - 1. ਸ੍ਰੀ ਵਿਸ਼ਾਲ ਬਾਂਸਲ ਜ਼ਿਲ੍ਹਾ ਬਰਨਾਲਾ (ਆਈ. ਟੀ. ਵਿੰਗ ਪ੍ਰਧਾਨ)। 2. ਸ ਬੀਰਿੰਦਰ ਸਿੰਘ (ਆਈ. ਟੀ. ਵਿੰਗ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਸੰਗਰੂਰ)। 3. ਸ੍ਰੀ ਨਵੀਨ ਸ਼ਰਮਾਂ ਪਿੰਡ ਬਨਾਰਸੀ (ਆਈ. ਟੀ. ਵਿੰਗ ਜ਼ਿਲ੍ਹਾ ਪ੍ਰਧਾਨ ਦਿਹਾਤੀ ਸੰਗਰੂਰ)।

ਸ ਤਲਵੰਡੀ ਨੇ ਕਿਹਾ ਕਿ ਇਹਨਾਂ ਨਿਯੁਕਤੀਆਂ ਨਾਲ ਯੂਥ ਵਿੰਗ ਸੰਗਠਿਤ ਤਰੀਕੇ ਨਾਲ ਕੰਮ ਕਰਨ ਲਈ ਹੋਰ ਮਜ਼ਬੂਤ ਹੋਵੇਗਾ। ਉਹਨਾਂ ਨੇ ਨਵਨਿਯੁਕਤ ਸਾਰੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪਾਰਟੀ ਦੇ ਪ੍ਰੋਗਰਾਮ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਤਨਦੇਹੀ ਨਾਲ ਕੰਮ ਕਰਨਗੇ। ਪ੍ਰੈੱਸ ਨੂੰ ਇਹ ਜਾਣਕਾਰੀ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਦਿੱਤੀ ਗਈ।

# ਮਨਦੀਪ ਸਿੰਘ ਕਲਸੀ ਐਡੀਸਨਲ ਐਸ.ਡੀ.ਓ ਬਣਨ ਤੇ ਸੋਸਾਇਟੀ ਵੱਲੋਂ ਸਨਮਾਨਤ



ਫ਼ਿਰੋਜ਼ਪੁਰ, 19 ਸਤੰਬਰ (ਮਨੋਹਰ ਲਾਲ) :— ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਰਜਿ 140 ਪੰਜਾਬ ਵੱਲੋਂ ਮਨਦੀਪ ਸਿੰਘ ਕਲਸੀ ਨੂੰ ਬਿਜਲੀ ਬੋਰਡ ਵਿੱਚ ਤਰੱਕੀ ਮਿਲਣ ਉਪਰੰਤ ਫਿਰੋਜ਼ਪੁਰ ਛਾਉਣੀ ਸਬ ਡਿਵੀਜ਼ਨ ਵਿਖੇ ਅਡੀਸਨਲ ਐਸ.ਡੀ.ਓ ਦਾ ਅਹੁਦਾ ਸੰਭਾਲਣ ਤੇ ਵਿਸ਼ੇਸ਼ ਤੌਰ ਤੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਸੋਸਾਇਟੀ ਅਹੁਦੇਦਾਰਾਂ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਤੇ ਸ਼ੀਲਡ ਦੇ ਕੇ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਸਨਮਾਨਿਤ ਵੀ ਕੀਤਾ ਗਿਆ। ਸੋਸਾਇਟੀ ਆਗੂਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮਨਦੀਪ ਸਿੰਘ ਕਲਸੀ ਦੀ ਇਹ ਤਰੱਕੀ ਉਨ੍ਹਾਂ ਦੀ ਸਖ਼ਤ ਮੇਹਨਤ ਇਮਾਨਦਾਰੀ ਅਤੇ ਵਿਭਾਗ ਪ੍ਰਤੀ ਲਗਨ ਦਾ ਨਤੀਜਾ ਹੈ, ਸੋਸਾਇਟੀ ਨੂੰ ਪੂਰਣ ਉਮੀਦ ਹੈ ਕਿ ਫਿਰੋਜ਼ਪੁਰ ਛਾਉਣੀ ਸਬ ਡਿਵਿਜ਼ਨ ਵਿਖੇ ਐਡੀਸਨਲ ਐਸ.ਡੀ.ਓ ਵਜੋਂ ਸੇਵਾਵਾਂ ਦਿੰਦਿਆਂ ਉਹ ਖਪਤਕਾਰਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ ਤੇ ਹੱਲ ਕਰਨਗੇ। ਇਸ ਸਨਮਾਨ ਲਈ ਸੋਸਾਇਟੀ ਦੇ ਸਮੁੱਚੇ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਮਨਦੀਪ ਸਿੰਘ ਕਲਸੀ ਨੇ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਤਾ ਨਾਲ ਨਿਭਾਉਣਗੇ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਬਿਜਲੀ ਖਪਤਕਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇਗਾ। ਇਸ ਮੌਕੇ ਸੋਸਾਇਟੀ ਦੇ ਪ੍ਰਮੁੱਖ ਅਹੁਦੇਦਾਰ ਅਤੇ ਵਿਭਾਗ ਕਰਮਚਾਰੀ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ, ਸੁਖਮੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ, ਸਤਨਾਮ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ, ਹਰਜਿੰਦਰ ਸਿੰਘ ਦੜਿਆਲਾ ਮੀਤ ਪ੍ਰਧਾਨ ਪੰਜਾਬ, ਜਰਨੈਲ ਸਿੰਘ ਗਾਬੜੀਆ, ਬਲਜੀਤ ਸਿੰਘ ਲਾਈਨਮੈਨ ਵੀ ਹਾਜਰ ਸਨ।

# ਕਾਹਲੋਂ ਭਰਾਵਾਂ ਨੇ ਨਗਰ ਕੀਰਤਨ ਕੀਤਾ ਸੁਆਗਤ



**ਚੌਂਕ ਮਹਿਤਾ,19 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਬਰਾਤ ਰੂਪੀ ਨਗਰ ਕੀਰਤਨ ਦਾ ਕਸਬਾ ਚੌਂਕ ਮਹਿਤਾ ਵਿਖੇ ਪਹੁੰਚਣ ਤੇ ਸੰਤ ਮੋਟਰਜ਼ ਦੇ ਮਾਲਕ ਜੁਗਰਾਜ ਸਿੰਘ ਕਾਹਲੋਂ ਅਤੇ ਸਰਪੰਚ ਸੁਖਰਾਜ ਸਿੰਘ ਕਾਹਲੋਂ ਪਰਿਵਾਰ ਵੱਲੋਂ ਨਗਰ ਕੀਰਤਨ ਦਾ ਸੁਆਗਤ ਕੀਤਾ ਗਿਆ ਉਨ੍ਹਾਂ ਨੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਵਾਸਤੇ ਸੁੰਦਰ ਰੁਮਾਲਾ ਸਾਹਿਬ ਅਤੇ ਪੰਜ ਪਿਆਰਿਆਂ ਸਾਹਿਬਾਨ ਨੂੰ ਸਿਰਪਾਓ ਭੇਂਟ ਕੀਤੇ । ਅਤੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਤੇ ਸਾਬਕਾ ਚੇਅਰਮੈਨ ਡਾਕਟਰ ਗੁਰਵਿੰਦਰ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਰਮਨ ਸਿੰਘ ਉਦੋ ਨੰਗਲ, ਜੁਆਇੰਟ ਸੈਕਟਰੀ ਪੰਜਾਬ ਬਲਜੀਤ ਸਿੰਘ ਉਦੋ ਨੰਗਲ, ਬਲਾਕ ਸੰਮਤੀ ਮੈਂਬਰ ਮੈਂਬਰ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਕੁਹਾਟਵਿੰਡ ਆਦਿ ਆਗੂ ਹਾਜ਼ਰ ਸਨ।

# ਟੀ.ਬੀ ਦੇ ਮਰੀਜਾਂ ਨੂੰ ਵੰਡੀਆਂ ਅਹਾਰ ਕਿੱਟਾਂ



ਫ਼ਿਰੋਜ਼ਪੁਰ, 19 ਸਤੰਬਰ (ਮਨੋਹਰ ਲਾਲ) :— ਮਿਸ਼ਨ ਨਿਕਸ਼ੇ ਮਿੱਤਰਾ ਅਧੀਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਡਾ: ਚੇਤਨ ਕੱਕੜ ਜ਼ਿਲ੍ਹਾ ਟੀ.ਬੀ ਅਫਸਰ ਦੀ ਨਿਗਰਾਨੀ ਹੇਠ ਏ.ਡਬਲਯੂ.ਐਲ ਐਗਰੀ ਬਿਜਨੈਸ ਲਿਮਟਿਡ ਸਾਈਆਂ ਵਾਲਾ ਫ਼ਿਰੋਜ਼ਪੁਰ ਵੱਲੋਂ ਟੀ.ਬੀ ਦੇ ਮਰੀਜਾਂ ਨੂੰ ਪੌਸ਼ਟਿਕ ਕਿੱਟਾਂ ਵੰਡੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਿਵਲ ਸਰਜਨ ਫ਼ਿਰੋਜ਼ਪੁਰ ਡਾ: ਪਰਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਏ.ਡਬਲਯੂ.ਐਲ ਐਗਰੀ ਬਿਜਨੈਸ ਲਿਮਟਿਡ ਸਾਈਆਂ ਵਾਲਾ ਫ਼ਿਰੋਜ਼ਪੁਰ ਵੱਲੋਂ ਟੀ.ਬੀ ਦੇ ਲੋੜਵੰਦ 70 ਮਰੀਜਾਂ ਨੂੰ ਹਰ ਮਹੀਨੇ ਪੌਸ਼ਟਿਕ ਖੁਰਾਕ ਦੇਣ ਲਈ ਗੋਦ ਲਿਆ ਹੈ। ਇਸ ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਸ੍ਰੀ ਸਮੀਰ ਪੰਟਾ ਐਚ.ਆਰ ਹੈਡ ਅਤੇ ਸ੍ਰੀ ਸੰਦੀਪ ਸਕਸੈਨਾ ਪਲਾਂਟ ਹੈਡ ਦੀ ਦੇਖ ਰੇਖ ਹੇਠ ਅੱਜ ਟੀਬੀ ਦੇ ਲੋੜਵੰਦ 33 ਮਰੀਜਾਂ ਨੂੰ ਪੌਸ਼ਟਿਕ ਅਹਾਰ ਕਿੱਟਾਂ ਵੰਡੀਆਂ ਗਈਆਂ। ਇਸ ਮੌਕੇ ਡਾ: ਚੇਤਨ ਕੱਕੜ ਜ਼ਿਲ੍ਹਾ ਟੀ.ਬੀ ਅਫਸਰ ਅਤੇ ਰਾਜ ਕੁਮਾਰ ਫਾਰਮੈਸੀ ਅਫਸਰ ਨੇ ਮਰੀਜਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਟੀ.ਬੀ ਦੀ ਬਿਮਾਰੀ ਤੋਂ ਸਮੇਂ—ਸਮੇਂ ਸਿਰ ਚੈਕਅਪ, ਟੈਸਟ ਅਤੇ ਦਵਾਈਆਂ ਦੇ ਨਾਲ—ਨਾਲ ਪੌਸ਼ਟਿਕ ਅਹਾਰ ਅਤੇ ਕੁਝ ਸਾਵਧਾਨੀਆਂ ਵਰਤ ਕੇ ਪੂਰੀ ਤਰ੍ਹਾਂ ਸਿਹਤਮੰਦ ਹੋ ਸਕਦੇ ਹਾਂ ਅਤੇ ਇਸ ਨੂੰ ਫੈਲਣ ਤੋਂ ਵੀ ਰੋਕਿਆ ਜਾ ਸਕਦਾ ਹੈ। ਇਸ ਸਾਰੇ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਨਰੇਸ਼ ਕੁਮਾਰ ਗਰਗ ਫਾਰਮੈਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਵੀ, ਹਰਮਿੰਦਰ ਸਿੰਘ ਟੀ.ਬੀ.ਐਚ.ਵੀ, ਅਰੁਨ ਐਲ.ਟੀ, ਸਿਮਰਨਜੀਤ ਸਿੰਘ ਐਲ.ਟ, ਕਮਲਜੀਤ ਸਿੰਘ ਐਸ.ਟੀ.ਐਸ, ਵੀਰਪਾਲ ਕੌਰ ਐਸ.ਐਨ, ਬੰਦਨਾ ਐਸ.ਐਨ ਅਤੇ ਵਿਲੀਅਮ ਨੇ ਵਿਸ਼ੇਸ਼ ਯੋਗਦਾਨ ਦਿੱਤਾ।

# ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਰਹੇਗੀ

**ਹੁਸ਼ਿਆਰਪੁਰ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਪਿੰਡ ਜੇਜੋਂ ਤੋਂ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਨੂੰ ਕੇਵਲ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਆਵਾਜਾਈ ਦੀ ਆਗਿਆ ਦੇ ਹੁਕਮ ਜਾਰੀ ਕੀਤੇ ਹਨ ਅਤੇ ਇਸ ਸਮੇਂ ਤੋਂ ਇਲਾਵਾ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ 'ਤੇ ਰੋਕ ਰਹੇਗੀ। ਜਾਰੀ ਹੁਕਮਾਂ ਅਨੁਸਾਰ ਜ਼ਿਲਾ ਪ੍ਰਸ਼ਾਸਨ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੈਂਦੇ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੇ ਕਾਰਨ ਸੜਕਾਂ 'ਤੇ ਹਾਦਸੇ ਹੋ ਰਹੇ ਹਨ ਜਿਨ੍ਹਾਂ ਕਾਰਨ ਜਾਨੀ ਅਤੇ ਮਾਲੀ ਨੁਕਸਾਨ ਹੁੰਦਾ ਹੈ ਜਿਸ ਕਰਕੇ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ ਨੂੰ ਸਮਾਂਬੱਧ ਤਰੀਕੇ ਨਾਲ ਚਲਾਉਣ ਦੀ ਜ਼ਰੂਰਤ ਹੈ। ਡਿਪਟੀ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਅਨੁਸਾਰ ਉਪ ਪੁਲਿਸ ਕਪਤਾਨ, ਗੜ੍ਹਸ਼ੰਕਰ ਇਹ ਯਕੀਨੀ ਬਣਾਉਣਗੇ ਕਿ ਟ੍ਰੈਫਿਕ ਪੁਲਿਸ ਵਲੋਂ ਟਿੱਪਰ/ਟਰੱਕਾਂ ਦੀ ਓਵਰਸਪੀਡ ਚੈਕ ਕੀਤੀ ਗਈ ਹੈ। ਰੀਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ ਇਨ੍ਹਾਂ ਹੁਕਮਾਂ ਸਨਮੁੱਖ ਓਵਰਲੋਡਿੰਗ ਅਤੇ ਹੋਰ ਨਿਯਮਾਂ ਦੀ ਉਲੰਘਣਾ ਸਬੰਧੀ ਚੈਕਿੰਗ ਅਤੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣਗੇ। ਕਾਰਜਕਾਰੀ ਇੰਜੀਨੀਅਰ, ਡਰੇਨੇਜ-ਕਮ-ਜ਼ਿਲ੍ਹਾ ਮਾਈਨਿੰਗ ਅਫ਼ਸਰ, ਹੁਸ਼ਿਆਰਪੁਰ ਅੰਤਰ-ਰਾਜੀ ਚੈਕ ਪੋਸਟਾਂ 'ਤਚ 24/7 ਨਿਗਰਾਨੀ ਯਕੀਨੀ ਬਣਾਉਣਗੇ ਅਤੇ ਇਸ ਦੇ ਨਾਲ ਹੀ ਚੈਕ ਪੋਸਟ 'ਤੇ ਭਾਰ ਤੋਲਣ ਵਾਲੇ ਕੰਡੇ ਦੀ ਵਰਤੋਂ ਕਰਕੇ ਓਵਰਲੋਡਿੰਡ ਟਿੱਪਰਾਂ ਦੀ ਚੈਕਿੰਗ ਅਤੇ ਇਨ੍ਹਾਂ 'ਤੇ ਬਣਦੀ ਕਾਰਵਾਈ ਅਮਲ ਵਿਚ ਲਿਆਉਣਗੇ।

**ਅੰਮ੍ਰਿਤਸਰ ਹਰਿਆਵਲ ਮੰਚ ਵਲੋਂ ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਤੇ ਟੈਕਨੌਲੋਜੀ, ਰਣਜੀਤ ਐਵੀਨਿਊ ਅੰਮ੍ਰਿਤਸਰ ਵਿੱਚ**

# ਲਗਾਏ ਗਏ ਫ਼ਲਦਾਰ ਬੂਟੇ, ਹਰਿਆਲੀ ਵਿੱਚ ਹੋਇਆ ਵਾਧਾ : ਇੰਜ ਜਤਿੰਦਰ ਲਖਨਪਾਲ

**ਚੌਕ ਮਹਿਤਾ, 19 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੌਜਵਾਨ ਵਿਦਿਆਰਥੀਆਂ ਨੂੰ ਰੁੱਖਾਂ ਦੀ ਸੰਭਾਲ ਕਰਕੇ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਦਾ ਸੱਦਾ ਦਿੰਦਿਆਂ, ਅਮ੍ਰਿਤਸਰ ਹਰਿਆਵਲ ਮੰਚ ਵਲੋਂ, ਖਾਲਸਾ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਕੇਸੀਈਟੀ), ਰਣਜੀਤ ਐਵਨਿਊ ਵਿਖੇ ਡਾਇਰੈਕਟਰ ਮੈਡਮ ਮੰਜੂ ਬਾਲਾ ਜੀ ਦੀ ਚੋਣ ਮੁਤਾਬਿਕ ਫ਼ਲਦਾਰ ਰੁੱਖ ਲਗਾਓ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਦਾ ਉਦੇਸ਼ ਵਾਤਾਵਰਨ ਸੰਭਾਲ ਨੂੰ ਉਤਸ਼ਾਹਿਤ ਕਰਨਾ, ਹਰਿਆਵਲੀ ਵਧਾਉਣਾ ਅਤੇ ਵਿਦਿਆਰਥੀਆਂ ਨੂੰ ਕੁਦਰਤ ਦੀ ਰੱਖਿਆ ਲਈ ਪ੍ਰੇਰਿਤ ਕਰਨਾ ਸੀ। ਕੇਸੀਈਟੀ ਦੀ ਡਾਇਰੈਕਟਰ ਡਾ. ਮੰਜੂ ਬਾਲਾ ਨੇ ਪੋਦਿਆਂ ਦੀ ਵਾਤਾਵਰਨਕ ਸੰਤੁਲਨ ਬਣਾਈ ਰੱਖਣ ਅਤੇ ਵਧ ਰਹੀਆਂ ਆਲਮੀ ਜਲਵਾਯੂ ਤਬਦੀਲੀਆਂ ਦੀਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਮਹੱਤਵਪੂਰਨ ਭੂਮਿਕਾ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਨੌਜਵਾਨ ਪੀੜ੍ਹੀ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਟਿਕਾਊ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ। ਉਨ੍ਹਾਂ ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਕੀਤੀਆਂ ਜਾ ਰਹੀਆਂ ਵਾਤਾਵਰਨ ਸੰਭਾਲ ਦੀਆਂ ਕੋਸ਼ਿਸ਼ਾਂ ਦੀ ਵੀ ਸ਼ਲਾਘਾ ਕੀਤੀ। ਅੰਮ੍ਰਿਤਸਰ ਹਰਿਆਵਲ ਮੰਚ ਦੇ ਪ੍ਰਧਾਨ ਇੰਜੀ. ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਰੁੱਖ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੀ ਨਿਯਮਿਤ ਸੰਭਾਲ ਅਤੇ ਸੁਰੱਖਿਆ ਵੀ ਉਤਨੀ ਹੀ ਜ਼ਰੂਰੀ ਹੈ। ਇੰਜ ਦਲਜੀਤ ਸਿੰਘ ਕੋਹਲੀ ਨੇ ਕਾਲਜ਼ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਅਪੀਲ ਕੀਤੀ ਕਿ ਕੈਂਪਸ ਵਿੱਚ ਲਗਾਏ ਗਏ ਬੂਟਿਆਂ ਦੀ ਜ਼ਿੰਮੇਵਾਰੀ ਆਪਣੇ ਸਿਰ ਲੈਣ ਅਤੇ ਉਨ੍ਹਾਂ ਨੂੰ ਵੱਡੇ ਰੁੱਖ ਬਣਾਉਣ ਲਈ ਯਤਨਸ਼ੀਲ ਰਹਿਣ। ਇੰਜ ਜਤਿੰਦਰ ਲਖਨਪਾਲ ਨੇ ਦਸਿਆ ਕਿ ਇਸ ਮੌਕੇ ਫਲਦਾਰ, ਔਸ਼ਧੀ, ਸਜਾਵਟੀ ਅਤੇ ਵਾਤਾਵਰਨ ਲਈ ਲਾਭਕਾਰੀ ਬੂਟਿਆਂ ਦੀਆਂ ਵੱਖ-ਵੱਖ ਕਿਸਮਾਂ ਦੇ 200 ਦੇ ਕਰੀਬ ਪੌਦੇ ਲਗਾਏ ਗਏ। ਸ੍ਰ ਕਿਰਪਾਲ ਸਿੰਘ ਬੱਬਰ ਨੇ ਦਸਿਆ ਕਿ ਅੱਜ ਚੀਕੂ, ਸੇਬ, ਆਲੂਬੁਖਾਰਾ, ਮੌਸਮੀ, ਕੇਲਾ, ਸੰਤਰਾ, ਸੀਤਾਫਲ, ਲੀਚੀ, ਬੇਰੀ, ਆਂਵਲਾ, ਪਪੀਤਾ, ਗਭੂ ਗੋਸ਼ਾ, ਆੜੂ, ਨਿੰਬੂ, ਅੰਜੀਰ, ਅੰਬ, ਅਮਰੂਦ, ਮਿੱਠੀ ਇਮਲੀ, ਅਨਾਰ, ਬਾਦਾਮ, ਜਾਮਣ, ਨਾਸ਼ਪਾਤੀ, ਜੈਟਰੋਫਾ, ਚਾਂਦਨੀ ਅਤੇ ਗੁੜਹਲ ਆਦਿ ਦੇ ਪੌਦੇ ਲਗਾਏ ਗਏ ਹਨ। ਸ੍ਰ ਅਵਤਾਰ ਸਿੰਘ ਬੁੱਟਰ ਨੇ ਕਿਹਾ ਕਿ ਰੁੱਖ ਲਗਾਓ ਮੁਹਿੰਮ ਵਿੱਚ ਵਿਦਿਆਰਥੀਆਂ ਅਤੇ ਸਟਾਫ਼ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਨੂੰ ਨਵੇਂ ਲਗਾਏ ਗਏ ਬੂਟਿਆਂ ਦੀ ਸੰਭਾਲ ਕਰਨ ਅਤੇ ਵਾਤਾਵਰਨ ਸੰਰੱਖਣ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਪਹਿਲ ਦਾ ਉਦੇਸ਼ ਸਮਾਜ ਦੇ ਹੋਰ ਵਰਗਾਂ ਨੂੰ ਵੀ ਵਾਤਾਵਰਨ ਸੰਭਾਲ ਦੀਆਂ ਗਤੀਵਿਧੀਆਂ ਨਾਲ ਜੋੜਨਾ ਹੈ। ਖਾਲਸਾ ਯੂਨੀਵਰਸਿਟੀ ਅੰਮ੍ਰਿਤਸਰ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਚੈਰੀਟੇਬਲ ਸੋਸਾਇਟੀ (ਕੇਸੀਸੀਐਸ) ਦੇ ਆਨਰੇਰੀ ਸਕੱਤਰ ਸ. ਰਾਜਿੰਦਰ ਮੋਹਨ ਸਿੰਘ ਛੀਨਾ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸਾਂਝੇ ਯਤਨ ਨੌਜਵਾਨਾਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਅੰਮ੍ਰਿਤਸਰ ਹਰਿਆਵਲ ਮੰਚ ਨਾਲ ਸੰਬੰਧਤ ਸ. ਮਨਦੀਪ ਸਿੰਘ, ਸ. ਅਵਤਾਰ ਸਿੰਘ ਬੁੱਟਰ, ਇੰਜੀ. ਜਤਿੰਦਰ ਲੱਖਣਪਾਲ ਅਤੇ ਡਾ. ਜਸਪ੍ਰੀਤ ਕੇ. ਸੋਬਤੀ, ਸ੍ਰ ਗੁਰਮੀਤ ਸਿੰਘ ਭੱਟੀ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਲਖਬੀਰ ਸਿੰਘ ਘੁੰਮਣ ਅਤੇ ਵਿਨੈ ਮੇਹਰਾ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

**ਸਾਰਾਗੜ੍ਹੀ ਫਾਊਂਡੇਸ਼ਨ ਤੇ ਕਿਸ਼ਨਪੁਰੀ ਫਾਊਂਡੇਸ਼ਨ ਨੇ**

# ਆਪਸੀ ਸਹਿਯੋਗ ਨਾਲ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ





**ਜੰਡਿਆਲਾ ਗੁਰੂ, 19 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਅੱਜ ਅੰਮ੍ਰਿਤਸਰ ਦੇ ਗੋਲਡਨ ਗੇਟ ਨਾਲ ਜਾਣੇ ਜਾਂਦੇ ਗੇਟ ਉੱਪਰ ਸ ਗੁਰਿੰਦਰ ਪਾਲ ਸਿੰਘ ਜੋਸਨ ਦੇ ਅਣਥੱਕ ਯਤਨਾਂ ਨਾਲ ਬਣਾਈ ਗਈ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦਗਾਰ ਉੱਪਰ ਅਹਿਸਾਸ ਕਿਸ਼ਨਪੁਰੀ ਫਾਊਂਡੇਸ਼ਨ ਦੇ ਚੇਅਰਮੈਨ ਡਾ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੀ ਬੈਂਡ ਟੀਮ, ਐਨਸੀਸੀ ਕੈਡਿਟ ਅਤੇ ਬੱਚਿਆਂ ਦੇ ਨਾਲ ਭਾਵ ਪੂਰਨ ਸਲਾਮੀ ਦਿੱਤੀ ਅਤੇ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਨੂੰ ਯਾਦ ਕਰਦਿਆਂ ਹੋਇਆਂ ਦੇਸ਼ ਭਗਤੀ ਅਤੇ ਬੀਰ ਰਸ ਦੇ ਗੀਤ ਗਾਏ। ਜਿਸ ਦੀ ਅਗਵਾਈ ਸ ਗੁਰਿੰਦਰ ਪਾਲ ਸਿੰਘ ਜੋਸਨ ਨੇ ਕੀਤੀ ਜੋ ਕਿ ਆਪ ਇੰਟਰਨੈਸ਼ਨਲ ਪੱਧਰ ਦੇ ਕਰਾਟੇ ਦੇ ਖਿਡਾਰੀ ਹਨ ਉਹ ਉੱਘੇ ਇਤਿਹਾਸਕਾਰ ਅਤੇ ਸਿੱਖੀ ਨਾਲ ਸੰਬੰਧਿਤ ਧਰੋਹਰਾਂ ਦੀ ਖੋਜ ਕਰਨ ਉਪਰੰਤ ਉੱਥੇ ਸਮਾਰਕ ਬਣਾਉਂਦੇ ਹਨ ਤਾਂ ਜੋ ਸਾਡੇ ਗੁਰੂਆਂ ਤੇ ਸ਼ਹੀਦਾਂ ਦੀਆਂ ਨਿਸ਼ਾਨੀਆਂ ਨੂੰ ਸਾਂਭਿਆ ਜਾ ਸਕੇ ।ਜਿਸ ਤਰ੍ਹਾਂ ਉਹਨਾਂ ਨੇ ਗੋਲਡਨ ਗੇਟ ਤੇ ਸ਼ਾਨਦਾਰ ਯਾਦਮਈ ਗੈਲਰੀ ਪਿਰਾਮਿਡ ਅਤੇ ਸਤੰਭ, ਜੋ ਸਾਰਾਗੜ੍ਹੀ ਪਾਰਕ ਵਿਚ ਸਥਿਤ ਹੈ ਹੂਬਹੂ ਉਸੇ ਤਰ੍ਹਾਂ ਬਣਾ ਕੇ ਦਰਸ਼ਕਾਂ ਵਾਸਤੇ ਪੇਸ਼ ਕੀਤੀ ਹੈ। ਇਸ ਸਮਾਰੋਹ ਦੇ ਮੁੱਖ ਮਹਿਮਾਨ ਦੇ ਤੌਰ ਤੇ ਸ੍ਰੀ ਜਤਿੰਦਰ ਸਿੰਘ ਮੋਤੀ ਭਾਟੀਆ ਚੇਅਰਮੈਨ ਕਾਰਪੋਰੇਸ਼ਨ ਅੰਮ੍ਰਿਤਸਰ ਸ਼ਾਮਿਲ ਹੋਏ। ਉਹਨਾਂ ਨੇ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਸ਼ਹੀਦਾਂ ਦੀਆਂ ਯਾਦਾਂ ਮਨਾਉਣ ਦੀ ਸਾਰਾਗੜ੍ਹੀ ਫਾਉਂਡੇਸ਼ਨ ਦੀ ਪਹਿਲ ਦੀ ਸਲਾਗਾ ਕਰਦੇ ਹੋਏ ਸ ਗੁਰਿੰਦਰ ਪਾਲ ਸਿੰਘ ਸਿੰਘ ਨੂੰ ਮਾਣਮਤੀ ਸ਼ਖਸ਼ੀਅਤ ਕਿਹਾ ਜੋ ਦੇਸ਼ਾਂ ਵਿਦੇਸ਼ਾਂ ਵਿੱਚ ਸਿੱਖੀ ਅਤੇ ਸਿੱਖ ਇਤਿਹਾਸ ਨਾਲ ਸੰਬੰਧਿਤ ਯਾਦਗਾਰਾਂ ਦੀ ਖੋਜ ਕਰਦੇ ਹਨ ਤੇ ਉਹਨਾਂ ਤੇ ਸਿੱਖੀ ਦਾ ਪ੍ਰਚਮ ਲਹਿਰਾਉਂਦੇ ਹਨ। ਇਸ ਮੌਕੇ ਤੇ ਸ਼ਹੀਦਾਂ ਦੇ ਪਰਿਵਾਰਾਂ ਦਾ ਮਾਨ ਸਤਿਕਾਰ ਵੀ ਕੀਤਾ ਗਿਆ ਅਤੇ ਸ਼ਹੀਦਾਂ ਦੇ ਪਰਿਵਾਰਾਂ ਨੇ ਆਪਣੇ ਪੁਰਖਿਆਂ ਤੇ ਗੌਰਵ ਮਹਿਸੂਸ ਕੀਤਾ ਜਿਨਾਂ ਨੇ ਗੁਰੂ ਕੋਲੋਂ ਸੰਦੇਸ਼ ਕਿ ਇੱਕ ਵਾਰ ਅਰਦਾਸ ਕਰਕੇ ਸਿੱਖ ਤੁਰ ਪਏ ਤਾਂ ਵਾਪਸ ਨਹੀਂ ਮੁੜਦੇ ਜਦੋਂ ਤੱਕ ਸਫਲਤਾ ਮਿਲ ਨਾ ਜਾਏ। ਦਾ ਅਹਿਸਾਸ ਕੀਤਾ। ਉਪਰੰਤ ਅਗਲੇ ਦਿਨ ਸ ਗੁਰਿੰਦਰ ਪਾਲ ਸਿੰਘ ਜੀ ਜੋਸਨ ਆਪਣੀ ਟੀਮ ਸਮੇਤ ਸੇਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗਰੁੱਪ ਪਹੁੰਚੇ ।ਜਿੱਥੇ ਉਹਨਾਂ ਨੇ ਸ਼ਹੀਦਾਂ ਦੀਆਂ ਯਾਦਗਾਰਾਂ ਕੁਰਬਾਨੀਆਂ ਤੇ ਸਿੱਖ ਇਤਿਹਾਸ ਨਾਲ ਸੰਬੰਧਿਤ ਜਾਣਕਾਰੀ ਵਿਦਿਆਰਥੀਆਂ ਤੇ ਸਟਾਫ ਨਾਲ ਸਾਂਝੀ ਕੀਤੀ। ਉਹਨਾਂ ਨੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸਿੱਖਾਂ ਦੇ ਗੌਰਵਮਈ ਕੁਰਬਾਨੀਆਂ ਭਰੇ ਇਤਿਹਾਸ ਨਾਲ ਸੰਬੰਧਿਤ ਯਾਦਗਾਰਾਂ ਨੂੰ ਆਪ ਅਤੇ ਆਪਣੇ ਬੱਚਿਆਂ ਨੂੰ ਵੀ ਦਿਖਾਉਣ ਲਈ ਕਿਹਾ ਤਾਂ ਕਿ ਸਾਡੀ ਆਉਣ ਵਾਲੀ ਪੀੜੀ ਆਪਣੇ ਗੌਰਵਮਈ ਇਤਿਹਾਸ ਅਤੇ ਸ਼ਹੀਦਾਂ ਦੇ ਬਲਿਦਾਨ ਨੂੰ ਜਾਣ ਸਕਣ ਕਿ ਕਿਸ ਤਰ੍ਹਾਂ ਸਿੱਖਾਂ ਦੇ ਬਹਾਦਰ ਯੋਧਿਆਂ ਨੇ ਆਪਣੇ ਦੇਸ਼ ਕੌਮ ਦੀ ਖਾਤਰ ਕੁਰਬਾਨੀਆਂ ਦਿੱਤੀਆਂ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ ਅਮਰਪ੍ਰੀਤ ਕੌਰ ਜੀ ਨੇ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਮੈਮੈਂਟੋ ਭੇਟ ਕਰਕੇ ਸਨਮਾਨਿਤ ਕੀਤਾ ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

**ਸਿੱਖਾਂ ਦੇ ਬਹਾਦਰ ਯੋਧਿਆਂ ਨੇ ਦੇਸ਼ ਕੌਮ ਦੀ ਖਾਤਰ ਦਿੱਤੀਆਂ ਕੁਰਬਾਨੀਆਂ ਆਉਣ ਵਾਲੀ ਪੀੜੀ ਨੂੰ ਗੌਰਵਮਈ ਇਤਿਹਾਸ ਤੋਂ ਜਾਣੂੰ ਹੋਣਾ ਸਮੇਂ ਦੀ ਮੁੱਖ ਲੋੜ-ਗੁਰਿੰਦਰ ਪਾਲ ਸਿੰਘ ਜੋਸਨ**

ਆਵਾਜ਼ਿ ਕੌਮ AWAZE QAUM International Newspaper & WEB TV

# ਇੱਕ ਨਜ਼ਰ...




# ਸਾਈਕਲਿੰਗ ਮੁਹਿੰਮ ਦੌਰਾਨ ਨੌਜਵਾਨਾਂ ਨੂੰ ਫੌਜ ਵਿੱਚ ਭਰਤੀ ਸਬੰਧੀ ਕੀਤਾ ਜਾਗਰੂਕ

## ਰੋਟਰੀ ਕਲੱਬ ਨੇ ਕੀਤਾ ਭਰਵਾਂ ਸਵਾਗਤ ਤੇ ਸਨਮਾਨ

**ਸ੍ਰੀ ਅਨੰਦਪੁਰ ਸਾਹਿਬ,19 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਹੈੱਡਕੁਆਰਟਰ ਵੈਸਟਰਨ ਕਮਾਂਡ ਦੀ ਅਗਵਾਈ ਹੇਠ 16 ਸਤੰਬਰ ਤੋਂ 3 ਅਕਤੂਬਰ ਤੱਕ ਕੱਢੀ ਜਾ ਰਹੀ ਸਾਈਕਲਿੰਗ ਮੁਹਿੰਮ ਆਪਣੇ ਨਿਰਧਾਰਤ ਰੂਟ ’ਤੇ ਕਾਲਕਾ ਤੋਂ ਚੱਲ ਕੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਪਹੁੰਚੀ। ਜਿੱਥੇ ਰੋਟਰੀ ਕਲੱਬ ਸ਼੍ਰੀ ਅਨੰਦਪੁਰ ਸਾਹਿਬ ਵੱਲੋਂ ਆਈ ਟੀਮ ਦਾ ਭਰਮਾ ਸਵਾਗਤ ਕਰਦਿਆਂ ਉਹਨਾਂ ਨੂੰ ਜੀ ਆਇਆ ਆਖਿਆ ਅਤੇ ਸਿਰੋਪਾਓ ਫੋਟੋ ਤੇ ਸੀਰੀ ਸਾਹਿਬ ਪੇਟ ਕਰਕੇ ਪੂਰੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਧਿਕਾਰੀਆਂ ਨੇ ਜਾਣਕਾਰੀ ਦਿੰਦਿਆਂ ਦੱਸਿਆਕਿ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨਾਂ ਨਾਲ ਸੰਪਰਕ ਕਾਇਮ ਕਰਨਾ ਅਤੇ ਉਨ੍ਹਾਂ ਨੂੰ ਭਾਰਤੀ ਫੌਜ ਵਿੱਚ ਸ਼ਾਮਲ ਹੋਣ ਦੇ ਮੌਕਿਆਂ ਸਬੰਧੀ ਜਾਗਰੂਕ ਕਰਨਾ ਹੈ। ਇਸ ਮੁਹਿੰਮ ਵਿੱਚ ਸ਼ਾਮਲ ਟੀਮ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਉਪਰੰਤ ਰੋਟਰੀ ਕਲੱਬ, ਸ੍ਰੀ ਆਨੰਦਪੁਰ ਸਾਹਿਬ ਦੇ ਮੈਂਬਰਾਂ , ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਟਾਫ ਅਤੇ ਨੇਫਾ ਪੰਜਾਬ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਨੌਜਵਾਨਾਂ ਨੂੰ ਭਾਰਤੀ ਫੌਜ ਵਿੱਚ ਭਰਤੀ ਲਈ ਵੱਖ-ਵੱਖ ਦਾਖ਼ਲਾ ਸਕੀਮਾਂ, ਵਿਦਿਅਕ ਯੋਗਤਾ, ਕੈਰੀਅਰ ਦੇ ਮੌਕਿਆਂ ਅਤੇ ਫੌਜ ਵਿੱਚ ਸੇਵਾ ਕਰਨ ਲਈ ਉਪਲਬਧ ਰਾਹਾਂ ਬਾਰੇ ਜਾਣਕਾਰੀ ਦਿੱਤੀ ਗਈ। ਟੀਮ ਨੇ ਨੌਜਵਾਨਾਂ ਨੂੰ ਭਰਤੀ ਅਤੇ ਚੋਣ ਪ੍ਰਕਿਰਿਆ ਸਬੰਧੀ ਸਹੀ ਤੇ ਅਧਿਕਾਰਤ ਜਾਣਕਾਰੀ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਮੁਹਿੰਮ ਦੌਰਾਨ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਕਰੀਅਰ ਬਣਾਉਣ ਲਈ ਉਤਸ਼ਾਹਿਤ ਕਰਨ ਦੇ ਨਾਲ-ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਤਰ੍ਹਾਂ ਦੀਆਂ ਜਾਗਰੂਕਤਾ ਗਤੀਵਿਧੀਆਂ ਰਾਹੀਂ ਫੌਜ ਵੱਲੋਂ ਨੌਜਵਾਨਾਂ ਤੱਕ ਭਰਤੀ ਨਾਲ ਸਬੰਧਤ ਜਾਣਕਾਰੀ ਪਹੁੰਚਾਉਣ ਦੇ ਨਾਲ-ਨਾਲ ਹਥਿਆਰਬੰਦ ਸੈਨਾਵਾਂ ਅਤੇ ਆਮ ਨਾਗਰਿਕਾਂ ਦਰਮਿਆਨ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਮੌਕੇ ਰੋਟਰੀ ਕਲੱਬ ਦੇ ਪ੍ਰਧਾਨ ਸੀਏ ਗੁਰਜਿੰਦਰ ਸਿੰਘ, ਸਾਬਕਾ ਪ੍ਰਧਾਨ ਡਾਕਟਰ ਪਲਵਿੰਦਰਜੀਤ ਸਿੰਘ ਕੰਗ, ਸੁਖਵਿੰਦਰ ਪਾਲ ਸਿੰਘ, ਗੁਰਚਰਨ ਸਿੰਘ ਘੱਟੀਵਾਲ, ਜਸਪ੍ਰੀਤ ਸਿੰਘ ਅਰੋੜਾ,ਨਵਜੀਤ ਸਿੰਘ ਕਥੂਰੀਆ, ਸੁਖਦੀਪ ਸਿੰਘ ਗੋਲਡੀ, ਜਸਵੀਰ ਸਿੰਘ ਸਮੇਤ ਕਲੱਬ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਜਾਇਜ਼ ਹਥਿਆਰਾਂ ਸਮੇਤ ਚਾਰ ਬਦਮਾਸ਼ ਗ੍ਰਿਫ਼ਤਾਰ, ਕੇਸ ਦਰਜ਼ ਦੋ ਪਿਸਟਲ ਸਮੇਤ ਮੈਗਜ਼ੀਨ ਅਤੇ ਇੱਕ ਬਲੈਰੋ ਗੱਡੀ ਜ਼ਬਤ



**ਭਿੱਖੀਵਿੰਡ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਸੀ.ਆਈ.ਏ. ਸਟਾਫ਼ ਤਰਨਤਾਰਨ ਦੀ ਟੀਮ ਵੱਲੋਂ ਸੂਚਨਾ ’ਤੇ ਸਪੈਸ਼ਲ ਨਾਕੇਬੰਦੀ ਦੌਰਾਨ ਨਜਾਇਜ਼ ਹਥਿਆਰਾਂ ਸਮੇਤ ਚਾਰ ਬਦਮਾਸ਼ਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਦੋਸ਼ੀਆਂ ਕੋਲੋਂ 30 ਬੋਰ ਦੇ 2 ਪਿਸਟਲ ਸਮੇਤ ਮੈਗਜ਼ੀਨ ਅਤੇ ਇੱਕ ਬਲੈਰੋ ਗੱਡੀ ਬਰਾਮਦ ਹੋਈ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਚਾਰਾਂ ਦੋਸ਼ੀਆਂ ਖਿਲਾਫ ਅਲੱਗ-ਅਲੱਗ ਧਾਰਾਵਾਂ ਤਹਿਤ ਥਾਣਾ ਭਿੱਖੀਵਿੰਡ ਵਿਖੇ ਮਾਮਲਾ ਦਰਜ਼ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐਸ.ਐਸ.ਪੀ. ਸੁਰਿੰਦਰ ਲਾਂਬਾ ਨੇ ਦੱਸਿਆ ਕਿ ਇੰਚਾਰਜ ਸੀ.ਆਈ.ਏ. ਸਟਾਫ਼ ਇੰਸਪੈਕਟਰ ਰੁਪਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਏਐਸਆਈ ਬਲਜਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਕਰਦੇ ਹੋਏ ਸੀ.ਆਈ.ਏ. ਤਰਨਤਾਰਨ ਤੋਂ ਝਬਾਲ ਅਤੇ ਭਿੱਖੀਵਿੰਡ ਵਾਲੇ ਪਾਸੇ ਜਾ ਰਹੇ ਸਨ। ਰਾਸਤੇ ਵਿੱਚ ਸੂਚਨਾ ਦੇ ਤਹਿਤ ਜਾਂਚ ਅਧਿਕਾਰੀ ਨੇ ਸਾਥੀ ਮੁਲਾਜ਼ਮਾਂ ਸਮੇਤ ਕਸਬਾ ਸੁਰਸਿੰਘ ਵਿਖੇ ਫਰੰਦੀਪੁਰ ਨੂੰ ਜਾਂਦੇ ਰਸਤੇ ’ਤੇ ਨਾਕੇਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਸ਼ੁਰੂ ਕਰ ਦਿੱਤੀ। ਇਸ ਦੌਰਾਨ ਪਿੰਡ ਫਰੰਦੀਪੁਰ ਵਾਲੀ ਸਾਈਡ ਤੋਂ ਆਉਂਦੀ ਇੱਕ ਬਲੈਰੋ ਗੱਡੀ ਨੰ: ਪੀ.ਬੀ.-46-ਏ.ਜੇ.-6159 ’ਤੇ ਸਵਾਰ ਚਾਰ ਸ਼ੱਕੀ ਵਿਅਕਤੀਆਂ ਨੂੰ ਰੋਕ ਕੇ ਪੁੱਛਗਿੱਛ ਕੀਤੀ। ਤਾਂ ਚਾਰਾਂ ਨੇ ਆਪਣਾ ਨਾਮ ਵਰਿੰਦਰ ਸਿੰਘ ਪੁੱਤਰ ਹਰੀ ਸਿੰਘ ਵਾਸੀ ਮਾੜੀ ਗੌੜ ਸਿੰਘ, ਪੰਕਜ ਕੁਮਾਰ ਪੁੱਤਰ ਵਿਜੇ ਕੁਮਾਰ ਵਾਸੀ ਕੱਕੜ ਮੁਹੱਲਾ ਭਿੱਖੀਵਿੰਡ, ਮਨੀਕਰਨ ਸਿੰਘ ਪੁੱਤਰ ਲਖਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ (ਦੋਵੇਂ ਵਾਸੀ ਭਾਈ ਲੱਧੂ) ਥਾਣਾ ਸਦਰ ਪੱਟੀ ਦੱਸਿਆ। ਉਕਤ ਚਾਰਾਂ ਦੀ ਤਲਾਸ਼ੀ ਅਭਿਆਨ ਦੌਰਾਨ ਵਰਿੰਦਰ ਸਿੰਘ ਅਤੇ ਪੰਕਜ਼ ਕੋਲੋਂ 30 ਬੋਰ ਦੇ ਦੋ ਪਿਸਟਲ ਸਮੇਤ ਮੈਗਜ਼ੀਨ ਬਰਾਮਦ ਹੋਏ ਹਨ। ਐਸ.ਐਸ.ਪੀ. ਲਾਂਬਾ ਨੇ ਕਿਹਾ ਕਿ ਚਾਰਾਂ ਦੋਸ਼ੀਆਂ ਖਿਲਾਫ ਥਾਣਾ ਭਿੱਖੀਵਿੰਡ ਵਿਖੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਰਿਮਾਂਡ ਦੌਰਾਨ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ। ਉਕਤ ਚਾਰਾਂ ਦੀ ਤਲਾਸ਼ੀ ਅਭਿਆਨ ਦੌਰਾਨ ਵਰਿੰਦਰ ਸਿੰਘ ਅਤੇ ਪੰਕਜ਼ ਕੋਲੋਂ 30 ਬੋਰ ਦੇ ਦੋ ਪਿਸਟਲ ਸਮੇਤ ਮੈਗਜ਼ੀਨ ਬਰਾਮਦ ਹੋਏ ਹਨ। ਐਸ.ਐਸ.ਪੀ. ਲਾਂਬਾ ਨੇ ਕਿਹਾ ਕਿ ਚਾਰਾਂ ਦੋਸ਼ੀਆਂ ਖਿਲਾਫ ਥਾਣਾ ਭਿੱਖੀਵਿੰਡ ਵਿਖੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਰਿਮਾਂਡ ਦੌਰਾਨ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




# ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਜੱਗੀ ਜੌਹਲ ਨੂੰ ਜ਼ਮਾਨਤ ਮਿਲਣ ਦਾ ਕੀਤਾ ਸਵਾਗਤ

**ਕਿਹਾ- ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਵੀ ਕੇਂਦਰ ਸਰਕਾਰ ਜਲਦ ਰਿਹਾਅ ਕਰਨ ਲਈ ਕਦਮ ਚੁੱਕੇ**

ਚੌਕ ਮਹਿਤਾ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)–ਬ੍ਰਿਟਿਸ਼ ਨਾਗਰਿਕ ਜਗਤਾਰ ਸਿੰਘ ਉਰਫ਼ ਜੱਗੀ ਜੌਹਲ ਨੂੰ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਦਿੱਲੀ ਹਾਈ ਕੋਰਟ ਵੱਲੋਂ ਸੱਤ ਮਾਮਲਿਆਂ ਵਿੱਚ ਜ਼ਮਾਨਤ ਮਿਲਣ 'ਤੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਤਸੱਲੀ ਅਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਲੰਬੇ ਸਮੇਂ ਤੋਂ ਜੇਲ੍ਹ ਵਿੱਚ ਬੰਦ ਜੱਗੀ ਜੌਹਲ ਅਤੇ ਉਸ ਦੇ ਪਰਿਵਾਰ ਲਈ ਅਦਾਲਤ ਦਾ ਇਹ ਫ਼ੈਸਲਾ ਵੱਡੀ ਰਾਹਤ ਵਾਲਾ ਹੈ। ਉਨ੍ਹਾਂ ਜੱਗੀ ਜੌਹਲ ਖ਼ਿਲਾਫ਼ ਦਰਜ ਕੀਤੇ ਗਏ ਮਾਮਲਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੁਲਿਸ ਵੱਲੋਂ ਇੱਕ ਨਿਰਦੋਸ਼ ਵਿਅਕਤੀ 'ਤੇ ਕਥਿਤ ਤੌਰ 'ਤੇ ਨਾਜਾਇਜ਼ ਅਤੇ ਝੂਠੇ ਪਰਚੇ ਦਰਜ ਕੀਤੇ ਗਏ, ਜਿਨ੍ਹਾਂ ਨੂੰ ਪੁਲਿਸ ਅੱਜ ਤੱਕ ਸਾਬਤ ਨਹੀਂ ਕਰ ਸਕੀ।ਉਨ੍ਹਾਂ ਕਿਹਾ ਕਿ ਜੱਗੀ ਜੌਹਲ ਨੂੰ ਜਾਣਬੁੱਝ ਕੇ ਲੰਬੀ ਕਾਨੂੰਨੀ ਪ੍ਰਕਿਰਿਆ ਵਿੱਚ ਉਲਝਾਇਆ ਗਿਆ, ਜਿਸ ਕਾਰਨ ਉਸ ਨੂੰ ਬਿਨਾਂ ਦੋਸ਼ ਸਾਬਤ ਹੋਏ 10 ਸਾਲ ਦਾ ਲੰਬਾ ਸਮਾਂ ਜੇਲ੍ਹ ਵਿੱਚ ਬਿਤਾਉਣਾ ਪਿਆ, ਜੋ ਇੱਕ ਅਣਮਨੁੱਖੀ ਵਤੀਰਾ ਤੇ ਮਨੁੱਖੀ ਅਧਿਕਾਰਾਂ ਦੀ ਵੱਡੀ ਉਲੰਘਣਾ ਹੈ। ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਜੱਗੀ ਜੌਹਲ ਦੇ ਮਾਮਲੇ ਦੀ ਲੰਬੀ ਕਾਨੂੰਨੀ ਪੈਰਵਾਈ ਕਰਨ ਵਾਲੇ ਐਡਵੋਕੇਟ ਜਸਪਾਲ ਸਿੰਘ ਮੰਝਪੁਰ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਜੱਗੀ ਜੌਹਲ ਦੇ ਪਰਿਵਾਰ ਅਤੇ ਸਮੁੱਚੇ ਸਿੱਖ ਜਗਤ ਨੂੰ ਇਸ ਕਾਨੂੰਨੀ ਰਾਹਤ 'ਤੇ ਵਧਾਈ ਦਿੰਦਿਆਂ ਕਿਹਾ ਕਿ ਪਰਿਵਾਰ ਨੇ ਲੰਬੇ ਸਮੇਂ ਤੋਂ ਔਖਾ ਦੌਰ ਹੰਢਾਇਆ ਹੈ ਅਤੇ ਹੁਣ ਇਹ ਫ਼ੈਸਲਾ ਉਨ੍ਹਾਂ ਲਈ ਉਮੀਦ ਦੀ ਨਵੀਂ ਕਿਰਨ ਹੈ। ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕੇਂਦਰ ਸਰਕਾਰ ਨੂੰ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਵਿੱਚ ਵੀ ਤੁਰੰਤ ਕਦਮ ਚੁੱਕਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਿਹੜੇ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਅਤੇ ਇਸ ਦੇ ਬਾਵਜੂਦ ਜੇਲ੍ਹਾਂ ਵਿੱਚ ਬੰਦ ਹਨ, ਉਨ੍ਹਾਂ ਦੇ ਮਾਮਲਿਆਂ 'ਤੇ ਮਨੁੱਖੀ ਅਤੇ ਕਾਨੂੰਨੀ ਦ੍ਰਿਸ਼ਟੀਕੋਣ ਤੋਂ ਵਿਚਾਰ ਕਰਦਿਆਂ ਜਲਦ ਫ਼ੈਸਲਾ ਲਿਆ ਜਾਣਾ ਚਾਹੀਦਾ ਹੈ।




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243

ਗੁਰੂਘਰਾਂ 'ਚ ਵਿਅਕਤੀ-ਪੂਜਾ ਤੇ ਬਾਹਰੀ ਦਖ਼ਲ ਬਰਦਾਸ਼ਤ ਨਹੀਂ - ਪੰਥਕ ਜਥੇਬੰਦੀਆਂ ਯੂਰਪ

# ਆਰਐਸਐਸ ਦੇ ਪ੍ਰਭਾਵ 'ਤੇ ਚਿੰਤਾ; ਸਿੱਖ ਸੰਸਥਾਵਾਂ ਦੀ ਸੁਤੰਤਰਤਾ ਤੇ ਗੁਰਮਤਿ ਮਰਿਆਦਾ ਦੀ ਰਾਖੀ ਲਈ ਇਕਜੁੱਟ ਹੋਣ ਦਾ ਸੱਦਾ










**ਲੰਡਨ/ਜਰਮਨੀ, 19 ਸਤੰਬਰ (ਸਰਬਜੀਤ ਸਿੰਘ ਬਨੂੜ)**-ਜਰਮਨੀ ਦੀਆਂ ਪੰਥਕ ਜਥੇਬੰਦੀਆਂ ਦੇ ਵੱਖ ਵੱਖ-ਵੱਖ ਬੁਲਾਰਿਆਂ ਨੇ ਪੰਥ ਦੇ ਨਾਮ ਜਾਰੀ ਸਾਂਝੇ ਬਿਆਨ ਵਿੱਚ ਗੁਰੂਘਰਾਂ ਅੰਦਰ ਵਧ ਰਹੇ ਅਨਮਤੀ ਕਾਰਜਾਂ, ਵਿਅਕਤੀ-ਪੂਜਾ ਅਤੇ ਬਾਹਰੀ ਵਿਚਾਰਧਾਰਕ ਦਖ਼ਲ 'ਤੇ ਸਖ਼ਤ ਰੋਸ ਪ੍ਰਗਟ ਕੀਤਾ ਹੈ। ਬੁਲਾਰਿਆਂ ਨੇ ਕਿਹਾ ਕਿ ਗੁਰੂਘਰ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ ਅਤੇ ਗੁਰਮਤਿ ਮਰਿਆਦਾ ਦੇ ਕੇਂਦਰ ਹਨ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਇਨ੍ਹਾਂ ਨੂੰ ਕਿਸੇ ਸਾਧ, ਡੇਰੇਦਾਰ ਜਾਂ ਸਿਆਸੀ ਤਾਕਤ ਦੇ ਪ੍ਰਭਾਵ ਦਾ ਮੰਚ ਨਹੀਂ ਬਣਨ ਦਿੱਤਾ ਜਾਣਾ ਚਾਹੀਦਾ। ਯੂਰਪ ਦੇ ਪੰਥਕ ਆਗੂਆਂ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਬੱਬਰ ਖਾਲਸਾ ਜਰਮਨੀ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ ਦਲ ਖਾਲਸਾ ਇੰਟਰਨੈਸਨਲ ਜਰਮਨੀ ਭਾਈ ਹਰਮੀਤ ਸਿੰਘ , ਭਾਈ ਅੰਗਰੇਜ਼ ਸਿੰਘ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਭਾਈ ਹੀਰਾ ਸਿੰਘ ਮੱਤੇਵਾਲ, ਸਿੱਖ ਫੈਡਰੇਸ਼ਨ ਇੰਟਰਨੈਸਨਲ ਜਰਮਨੀ ਭਾਈ ਲਖਵਿੰਦਰ ਸਿੰਘ ਮੱਲ੍ਹੀ ਨੇ ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਕੁਝ ਥਾਵਾਂ 'ਤੇ ਸਾਧਾਂ ਵੱਲੋਂ ਗੁਰੂਘਰਾਂ ਵਿੱਚ ਸੰਗਤਾਂ ਕੋਲੋਂ ਮੱਥੇ ਟਿਕਵਾਉਣ ਦੀਆਂ ਘਟਨਾਵਾਂ ਸਾਹਮਣੇ ਆਉਣ ਅਤੇ ਤਖ਼ਤ ਸਾਹਿਬ 'ਤੇ ਵਿਵਾਦਤ ਸਿਆਸੀ ਆਗੂਆਂ ਲਈ ਅਰਦਾਸਾਂ ਕੀਤੇ ਜਾਣ ਵਰਗੇ ਮਾਮਲੇ ਸਿੱਖ ਸੰਗਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਗੁਰੂਘਰਾਂ ਵਿੱਚ ਕੇਂਦਰ ਸਿਰਫ਼ ਗੁਰੂ ਗ੍ਰੰਥ ਸਾਹਿਬ ਜੀ ਅਤੇ ਗੁਰਮਤਿ ਸਿਧਾਂਤ ਹੋਣੇ ਚਾਹੀਦੇ ਹਨ। ਬੁਲਾਰਿਆਂ ਨੇ ਆਰਐਸਐਸ ਦੇ ਵਧ ਰਹੇ ਪ੍ਰਭਾਵ ਬਾਰੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਆਰਐਸਐਸ ਨਾਲ ਜੋੜੀ ਜਾਂਦੀ 'ਹਿੰਦੂ ਰਾਸ਼ਟਰ' ਦੀ ਵਿਚਾਰਧਾਰਾ ਅਤੇ ਸਿੱਖ ਪੰਥ ਦੀ ਵੱਖਰੀ ਧਾਰਮਿਕ ਤੇ ਪੰਥਕ ਪਛਾਣ ਨਾਲ ਸਬੰਧਤ ਮਸਲਿਆਂ 'ਤੇ ਗੰਭੀਰ ਵਿਚਾਰ ਕਰਨ ਦੀ ਲੋੜ ਹੈ। ਉਨ੍ਹਾਂ ਆਰਐਸਐਸ ਨੂੰ ਸਿੱਖ ਸੰਸਥਾਵਾਂ ਅਤੇ ਗੁਰੂਘਰਾਂ ਦੇ ਅੰਦਰੂਨੀ ਮਾਮਲਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਸਿੱਖ ਪੰਥ ਆਪਣੇ ਧਾਰਮਿਕ, ਸੱਭਿਆਚਾਰਕ ਅਤੇ ਪੰਥਕ ਮਾਮਲਿਆਂ ਬਾਰੇ ਫ਼ੈਸਲੇ ਖ਼ੁਦ ਕਰਨ ਦਾ ਹੱਕ ਰੱਖਦਾ ਹੈ। ਬਿਆਨ

## ਖ਼ਾਲਿਸਤਾਨ ਦੇ ਮੁੱਦੇ ਨੂੰ ਰਾਜਨੀਤਕ ਖ਼ੁਦਮੁਖ਼ਤਿਆਰੀ ਤੇ ਆਪਣੇ ਭਵਿੱਖ ਬਾਰੇ ਫ਼ੈਸਲੇ ਦੇ ਹੱਕ ਨਾਲ ਜੋੜਿਆ

ਵਿੱਚ ਕਿਹਾ ਗਿਆ ਕਿ ਜੇ ਸਿੱਖ ਸੰਸਥਾਵਾਂ ਵਿੱਚ ਬਾਹਰੀ ਦਖ਼ਲ ਸਬੰਧੀ ਚਿੰਤਾਵਾਂ ਦੂਰ ਨਾ ਹੋਈਆਂ ਤਾਂ ਵਿਦੇਸ਼ਾਂ ਵਿੱਚ ਇਸ ਵਿਰੁੱਧ ਉੱਠ ਰਹੀ ਆਵਾਜ਼ ਹੋਰ ਸੰਗਠਿਤ ਹੋ ਸਕਦੀ ਹੈ। ਜਰਮਨੀ ਦੀਆਂ ਪੰਥਕ ਜਥੇਬੰਦੀਆਂ ਨੇ ਸਿੱਖ ਸਿਆਸੀ ਆਗੂਆਂ ਨੂੰ ਵੀ ਸੰਦੇਸ਼ ਦਿੰਦਿਆਂ ਕਿਹਾ ਕਿ ਸਿਆਸੀ ਰੁਤਬਾ ਜਾਂ ਅਹੁਦਾ ਕਿਸੇ ਵਿਅਕਤੀ ਨੂੰ ਪੰਥਕ ਮਰਿਆਦਾ ਤੋਂ ਉੱਪਰ ਨਹੀਂ ਕਰਦਾ। ਉਨ੍ਹਾਂ ਕਿਹਾ ਕਿ ਆਰਐਸਐਸ ਨਾਲ ਨੇੜਤਾ ਰੱਖਣ ਵਾਲੇ ਜਾਂ ਗੁਰੂਘਰਾਂ ਦੀ ਮਰਿਆਦਾ ਸਬੰਧੀ ਵਿਵਾਦਾਂ ਵਿੱਚ ਘਿਰਨ ਵਾਲੇ ਆਗੂਆਂ ਨੂੰ ਵਿਦੇਸ਼ਾਂ ਵਿੱਚ ਵੱਸਦੀ ਸਿੱਖ ਸੰਗਤ ਦੇ ਸਵਾਲਾਂ ਅਤੇ ਸ਼ਾਂਤਮਈ ਵਿਰੋਧ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਬੁਲਾਰਿਆਂ ਅਨੁਸਾਰ ਆਰਐਸਐਸ ਦੇ ਪ੍ਰਭਾਵ ਬਾਰੇ ਉਨ੍ਹਾਂ ਦੀਆਂ ਚਿੰਤਾਵਾਂ ਦਾ ਜਵਾਬ ਕੇਵਲ ਬਿਆਨਬਾਜ਼ੀ ਨਾਲ ਨਹੀਂ, ਸਗੋਂ ਸਿੱਖ ਪੰਥ ਦੀ ਵਿਚਾਰਧਾਰਕ ਅਤੇ ਸੰਸਥਾਗਤ ਖ਼ੁਦਮੁਖ਼ਤਿਆਰੀ ਨੂੰ ਮਜ਼ਬੂਤ ਕਰਕੇ ਦਿੱਤਾ ਜਾਣਾ ਚਾਹੀਦਾ ਹੈ। ਇਸੇ ਸੰਦਰਭ ਵਿੱਚ ਬੁਲਾਰਿਆਂ ਨੇ ਖ਼ਾਲਿਸਤਾਨ ਦੀ ਮੰਗ ਨੂੰ ਵੀ ਸਿੱਖ ਪੰਥ ਦੀ ਰਾਜਨੀਤਕ ਖ਼ੁਦਮੁਖ਼ਤਿਆਰੀ ਅਤੇ ਆਪਣੇ ਭਵਿੱਖ ਬਾਰੇ ਫ਼ੈਸਲਾ ਕਰਨ ਦੇ ਹੱਕ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਇਸ ਵਿਸ਼ੇ 'ਤੇ ਪੰਥ ਅੰਦਰ ਗੰਭੀਰ, ਖੁੱਲ੍ਹੀ ਅਤੇ ਵਿਚਾਰਧਾਰਕ ਚਰਚਾ ਹੋਣੀ ਚਾਹੀਦੀ ਹੈ। ਜਥੇਬੰਦੀਆਂ ਨੇ ਸਿੱਖ ਸੰਗਤਾਂ ਅਤੇ ਪੰਥਕ ਧਿਰਾਂ ਨੂੰ ਗੁਰੂਘਰਾਂ ਦੀ ਮਰਿਆਦਾ, ਸਿੱਖ ਪਛਾਣ ਅਤੇ ਪੰਥਕ ਸੰਸਥਾਵਾਂ ਦੀ ਸੁਤੰਤਰਤਾ ਦੀ ਰਾਖੀ ਲਈ ਇਕਜੁੱਟ ਹੋਣ ਅਤੇ ਸ਼ਾਂਤਮਈ ਤੇ ਜਮਹੂਰੀ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ।

ਪ੍ਰਸ਼ਾਸਨ ਸ਼ਾਇਦ ਕਿਸੇ ਹਾਦਸੇ ਦੀ ਉਡੀਕ ਹੈ ?

# ਧਨੌਲਾ-ਬਰਨਾਲਾ ਮਾਰਗ 'ਤੇ ਨਰਕ ਵਰਗੇ ਹਾਲਾਤ, ਚਾਰ ਮਹੀਨਿਆਂ ਤੋਂ ਜਲਥਲ

**ਧਨੌਲਾ, 19 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਧਨੌਲਾ-ਬਰਨਾਲਾ ਮੁੱਖ ਮਾਰਗ 'ਤੇ ਪਿਛਲੇ ਕਰੀਬ ਚਾਰ ਮਹੀਨਿਆਂ ਤੋਂ ਖੜ੍ਹੇ ਗੰਦੇ ਪਾਣੀ ਨੇ ਲੋਕਾਂ ਦਾ ਜਿਊਣਾ ਦੁੱਭਰ ਕੀਤਾ ਹੋਇਆ ਹੈ। ਪਾਣੀ ਦੀ ਨਿਕਾਸੀ ਦਾ ਢੁੱਕਵਾਂ ਪ੍ਰਬੰਧ ਨਾ ਹੋਣ ਕਾਰਨ ਸੜਕ ਦਾ ਵੱਡਾ ਹਿੱਸਾ ਗੰਦੇ ਪਾਣੀ ਦੀ ਲਪੇਟ ਵਿੱਚ ਹੈ। ਹਾਲਾਤ ਇੰਨੇ ਬਦ ਤੋਂ ਬੱਤਰ ਹੋ ਚੁੱਕੇ ਹਨ ਕਿ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਰੋਜ਼ਾਨਾ ਇਸੇ ਗੰਦੇ ਪਾਣੀ ਵਿਚੋਂ ਲੰਘਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਰੁਝੇਵੇਂ ਵਾਲੇ ਮੁੱਖ ਮਾਰਗ 'ਤੇ ਬਣੇ ਇਹ ਹਾਲਾਤ ਪ੍ਰਸ਼ਾਸਨਿਕ ਪ੍ਰਬੰਧਾਂ 'ਤੇ ਸਵਾਲ ਖੜ੍ਹੇ ਕਰ ਰਹੇ ਹਨ। ਇੱਝ ਜਾਪਦਾ ਹੈ ਕਿ ਪ੍ਰਸ਼ਾਸਨ ਕਿਸੇ ਹਾਦਸੇ ਦੀ ਉਡੀਕ ਵਿੱਚ ਹੈ? ਜਲ-ਭਰਾਵ ਕਾਰਨ ਸੜਕ 'ਤੇ ਥਾਂ-ਥਾਂ ਟੋਏ ਬਣੇ ਹੋਏ ਹਨ ਅਤੇ ਪਾਣੀ ਦੀ ਡੂੰਘਾਈ ਦਾ ਅੰਦਾਜ਼ਾ ਨਹੀਂ ਲੱਗਦਾ। ਸਭ ਤੋਂ ਵੱਧ ਪ੍ਰੇਸ਼ਾਨੀ ਦੋਪਹੀਆ ਵਾਹਨ ਚਾਲਕਾਂ ਨੂੰ ਝੱਲਣੀ ਪੈ ਰਹੀ ਹੈ। ਅਚਾਨਕ ਟੋਏ ਵਿੱਚ ਪਹੀਆ ਜਾਣ ਜਾਂ ਵਾਹਨ ਫਿਸਲਣ ਕਾਰਨ ਕਈ ਲੋਕ ਜ਼ਖ਼ਮੀ ਹੋ ਚੁੱਕੇ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਮਾਰਗ ਤੋਂ ਰੋਜ਼ਾਨਾ ਲੰਘਣਾ ਕਿਸੇ ਖ਼ਤਰੇ ਤੋਂ ਘੱਟ ਨਹੀਂ। ਸੜਕ ਕਿਨਾਰੇ ਲੰਬੇ ਸਮੇਂ ਤੋਂ ਖੜ੍ਹੇ ਗੰਦੇ ਪਾਣੀ ਵਿੱਚੋਂ ਉੱਠ ਰਹੀ ਬਦਬੂ ਨੇ ਆਸ-ਪਾਸ ਦੇ ਲੋਕਾਂ ਦੀ ਪ੍ਰੇਸ਼ਾਨੀ ਵਧਾ ਦਿੱਤੀ ਹੈ। ਇਸ ਦੇ ਨਾਲ ਹੀ ਪਾਣੀ ਖੜ੍ਹਾ ਰਹਿਣ ਕਾਰਨ ਮੱਛਰਾਂ ਦਾ ਪ੍ਰਕੋਪ ਵੀ ਵਧ ਗਿਆ ਹੈ। ਲੋਕਾਂ ਦਾ ਕਹਿਣਾ ਹੈ ਕਿ ਇੱਕ ਪਾਸੇ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ, ਜਦਕਿ ਦੂਜੇ ਪਾਸੇ ਗੰਦਗੀ ਅਤੇ ਬਦਬੂ ਕਾਰਨ ਆਸ-ਪਾਸ ਦਾ ਵਾਤਾਵਰਨ ਵੀ ਖ਼ਰਾਬ ਹੋ ਚੁੱਕਾ ਹੈ। ਸਥਾਨਕ ਲੋਕਾਂ ਅਨੁਸਾਰ ਉਹ ਪਿਛਲੇ ਕਈ ਮਹੀਨਿਆਂ ਤੋਂ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨੂੰ ਜਲ-ਭਰਾਵ ਦੀ ਸਮੱਸਿਆ ਬਾਰੇ ਜਾਣੂ ਕਰਵਾ ਰਹੇ ਹਨ। ਇਸ ਦੇ ਬਾਵਜੂਦ ਸਮੱਸਿਆ ਦਾ ਕੋਈ ਸਥਾਈ ਹੱਲ ਨਹੀਂ ਕੀਤਾ ਗਿਆ। ਲੋਕਾਂ ਦਾ ਦੋਸ਼ ਹੈ ਕਿ ਸ਼ਿਕਾਇਤਾਂ ਤੋਂ ਬਾਅਦ ਕਾਰਵਾਈ ਦੇ ਨਾਂ 'ਤੇ ਸਿਰਫ਼ ਭਰੋਸੇ ਹੀ ਦਿੱਤੇ ਜਾ ਰਹੇ ਹਨ। ਕਾਂਗਰਸ ਪਾਰਟੀ ਦੇ ਪ੍ਰਦੇਸ਼ ਸਕੱਤਰ ਡਾ. ਸੰਨੀ ਸਦਿਓੜਾ ਦਾ ਕਹਿਣਾ ਹੈ ਕਿ ਧਨੌਲਾ-ਬਰਨਾਲਾ ਮੁੱਖ ਮਾਰਗ ਕੋਈ ਛੋਟੀ-ਮੋਟੀ ਗਲੀ ਨਹੀਂ, ਸਗੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕਾਂ ਅਤੇ ਵਾਹਨਾਂ ਦੀ ਆਵਾਜਾਈ ਵਾਲਾ ਪ੍ਰਮੁੱਖ ਮਾਰਗ ਹੈ। ਇਸ ਦੇ ਬਾਵਜੂਦ ਮਹੀਨਿਆਂ ਤੋਂ ਸੜਕ 'ਤੇ ਖੜ੍ਹਾ ਗੰਦਾ ਪਾਣੀ ਪ੍ਰਸ਼ਾਸਨਿਕ ਬੇਰੁਖ਼ੀ ਦੀ ਤਸਵੀਰ ਪੇਸ਼ ਕਰ ਰਿਹਾ ਹੈ। ਉਹਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਤੁਰੰਤ ਮੌਕੇ ਦਾ ਨਿਰੀਖਣ ਕਰਕੇ ਪਾਣੀ ਦੀ ਨਿਕਾਸੀ ਕਰਵਾਈ ਜਾਵੇ ਅਤੇ ਜਲ-ਭਰਾਵ ਦੀ ਸਮੱਸਿਆ ਦਾ ਸਥਾਈ ਹੱਲ ਕੀਤਾ ਜਾਵੇ। ਸ਼ਹਿਰ ਦੇ ਲੋਕਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਜਲਦ ਕਾਰਵਾਈ ਨਾ ਕੀਤੀ ਗਈ ਤਾਂ ਇਹ ਜਲ-ਭਰਾਵ ਕਿਸੇ ਵੱਡੇ ਸੜਕ ਹਾਦਸੇ ਦਾ ਕਾਰਨ ਬਣ ਸਕਦਾ ਹੈ। ਹੁਣ ਲੋਕਾਂ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹਨ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਨੀਂਦ ਕਦੋਂ ਖੁੱਲ੍ਹੇਗੀ ਅਤੇ ਉਨ੍ਹਾਂ ਨੂੰ ਇਨ੍ਹਾਂ ਨਰਕ ਵਰਗੇ ਹਾਲਾਤਾਂ ਤੋਂ ਕਦੋਂ ਰਾਹਤ ਮਿਲੇਗੀ।



# ਲੰਮਾ ਸਮਾਂ ਫਾਟਕ ਬੰਦ ਕਾਰਨ ਆਉਂਦੀ ਸਮੱਸਿਆ ਨੂੰ ਮੁੱਖ ਰੱਖਦਿਆ ਪਿੰਡ ਮੁੱਛਲ ਵਿਖੇ ਰੇਲਵੇ ਫਾਟਕ ਤੇ ਓਵਰਬ੍ਰਿਜ ਜਾ ਅੰਡਰਬ੍ਰਿਜ ਬਣਾਉਣ ਦੀ ਮੰਗ



**ਜੰਡਿਆਲਾ ਗੁਰੂ 19 ਸਤੰਬਰ (ਕੁਲਵੰਤ ਸਿੰਘ ਵਿਰਦੀ )**-ਪਿੰਡ ਮੁੱਛਲ ਵਿਖੇ ਰੇਲਵੇ ਫਾਟਕ 'ਤੇ ਬ੍ਰਿਜ (ਓਵਰਬ੍ਰਿਜ ਜਾਂ ਅੰਡਰਬ੍ਰਿਜ) ਬਣਾਉਣ ਦੀ ਮੰਗ ਮੁੱਖ ਤੌਰ 'ਤੇ ਪਿੰਡ ਮੁੱਛਲ ਦੀ ਸਮੁੱਚੀ ਪੰਚਾਇਤ ਨੇੜਲੇ 10-20 ਪਿੰਡਾ ਦੇ ਇਲਾਕਾ ਨਿਵਾਸੀਆਂ ਵੱਲੋ ਲੋਕਾਂ ਨੂੰ ਰੇਲਗੱਡੀਆਂ ਦੇ ਲੰਘਣ ਸਮੇਂ ਲੱਗਣ ਵਾਲੇ ਲੰਬੇ ਟ੍ਰੈਫਿਕ ਜਾਮ ਤੋਂ ਰਾਹਤ ਦਿਵਾਉਣ ਲਈ ਕੀਤੀ ਜਾ ਰਹੀ ਹੈ । ਇਹ ਫਾਟਕ ਕਈ ਇਲਾਕਿਆਂ ਲਈ ਮੁੱਖ ਮਾਰਗ ਹੁੰਦੇ ਹਨ ਅਤੇ ਰੇਲ ਗੱਡੀਆਂ ਦੇ ਲੰਘਣ ਸਮੇਂ ਇਨ੍ਹਾਂ ਦੇ ਲੰਬੇ ਸਮੇਂ ਤੱਕ ਬੰਦ ਰਹਿਣ ਕਾਰਨ ਆਮ ਲੋਕ, ਵਿਦਿਆਰਥੀਆਂ, ਵਪਾਰੀਆਂ, ਕਿਸਾਨਾਂ ਅਤੇ ਮਰੀਜ਼ਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ । ਬ੍ਰਿਜ ਬਣਾਉਣ ਦੀ ਮੰਗ ਦੇ ਮੁੱਖ ਕਾਰਨ:ਟ੍ਰੈਫਿਕ ਜਾਮ ਤੋਂ ਰਾਹਤ: ਰੇਲਵੇ ਫਾਟਕਾਂ 'ਤੇ ਰੇਲ ਗੱਡੀਆਂ ਦੇ ਲੰਘਣ ਕਾਰਨ ਲੱਗਣ ਵਾਲੇ ਲੰਬੇ ਜਾਮ ਲੋਕਾਂ ਲਈ ਸਮੇਂ ਦੀ ਬਰਬਾਦੀ ਅਤੇ ਪ੍ਰੇਸ਼ਾਨੀ ਦਾ ਕਾਰਨ ਬਣਦੇ ਹਨ। ਬ੍ਰਿਜ ਬਣਨ ਨਾਲ ਇਹ ਸਮੱਸਿਆ ਖਤਮ ਹੋ ਜਾਵੇਗੀ ।ਜ਼ਰੂਰੀ ਸੇਵਾਵਾਂ ਵਿੱਚ ਵਿਘਨ: ਫਾਟਕ ਬੰਦ ਹੋਣ ਕਾਰਨ ਮਰੀਜ਼ਾਂ ਨੂੰ ਹਸਪਤਾਲ ਪਹੁੰਚਣ ਵਿੱਚ ਦੇਰੀ ਹੋ ਸਕਦੀ ਹੈ, ਜਿਸ ਨਾਲ ਜਾਨੀ ਨੁਕਸਾਨ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਇਸੇ ਤਰ੍ਹਾਂ, ਵਿਦਿਆਰਥੀਆਂ ਅਤੇ ਵਪਾਰੀਆਂ ਨੂੰ ਵੀ ਆਪਣੇ ਕੰਮਾਂ ਲਈ ਪਹੁੰਚਣ ਵਿੱਚ ਮੁਸ਼ਕਲ ਆਉਂਦੀ ਹੈ ।ਵਧਦਾ ਟ੍ਰੈਫਿਕ ਦਬਾਅ: ਪਿੰਡਾਂ ਵਿੱਚ ਵਾਹਨਾਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ, ਜਿਸ ਕਾਰਨ ਮੌਜੂਦਾ ਸੜਕਾਂ ਅਤੇ ਪੁਲਾਂ ਦੀ ਸਮਰੱਥਾ ਕਾਫ਼ੀ ਨਹੀਂ ਰਹਿ ਜਾਂਦੀ ।ਇਸ ਲਈ ਭਵਿੱਖ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਬ੍ਰਿਜ ਬਣਾਉਣਾ ਜ਼ਰੂਰੀ ਹੈ ਸੁਰੱਖਿਆ: ਰੇਲਵੇ ਫਾਟਕਾਂ 'ਤੇ ਅਣ-ਅਧਿਕਾਰਤ ਪਾਰ ਕਰਨ ਦੀ ਕੋਸ਼ਿਸ਼ ਕਈ ਵਾਰ ਹਾਦਸਿਆਂ ਦਾ ਕਾਰਨ ਬਣਦੀ ਹੈ। ਓਵਰਬ੍ਰਿਜ ਜਾਂ ਅੰਡਰਬ੍ਰਿਜ ਬਣਨ ਨਾਲ ਇਹਨਾਂ ਹਾਦਸਿਆਂ ਨੂੰ ਰੋਕਿਆ ਜਾ ਸਕਦਾ ਹੈ ।ਲੋਕਾਂ ਦੀ ਇਸ ਮੰਗ ਅਤੇ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਮੌਕੇ ਐੱਸ.ਡੀ.ਐੱਮ. ਬਾਬਾ ਬਕਾਲਾ ਅਤੇ ਰੇਲਵੇ ਵਿਭਾਗ ਦੇ ਉੱਚ ਅਧਿਕਾਰੀ ਖੁਦ ਪਿੰਡ ਮੁੱਛਲ ਵਿਖੇ ਪਹੁੰਚੇ ਅਤੇ ਮੌਕੇ ਦੀ ਸਥਿਤੀ ਦਾ ਜਾਇਜ਼ਾ ਲਿਆ। ਅਧਿਕਾਰੀਆਂ ਨੇ ਇਲਾਕਾ ਨਿਵਾਸੀਆਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਸਾਬਕਾ ਸਰਪੰਚ ਸੁਖਰਾਜ ਸਿੰਘ ਮੁੱਛਲ, ਸੁਖਵਿੰਦਰ ਸਿੰਘ ਢਿਲੋਂ, ਪਲਵਿੰਦਰ ਸਿੰਘ, ਬਲਵਿੰਦਰ ਸਿੰਘ ਬੱਲ ਪ੍ਰਧਾਨ, ਸੁਖਦੇਵ ਸਿੰਘ, ਅਸਤਿੰਦਰ ਸਿੰਘ ਗੋਗੀ, ਮਾਸਟਰ ਮੁਖਤਾਰ ਸਿੰਘ ਰੇਲਵੇ ਅਤੇ ਸਰਕਾਰ ਦੇ ਅਧਿਕਾਰੀ ਅਤੇ ਹੋਰ ਇਲਾਕਾ ਨਿਵਾਸੀ ਤੇ ਮੋਹਤਬਰ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐਡਵੋਕੇਟ ਲੱਖਾ ਸਿੰਘ ਆਜ਼ਾਦ ਦੇ ਦਫਤਰ ਦਾ ਉਦਘਾਟਨ ਭਾਈ ਅਮਰੀਕ ਸਿੰਘ ਵੱਲੋਂ ਰੀਬਨ ਕੱਟ ਕੇ ਕੀਤਾ




**ਬਾਬਾ ਬਕਾਲਾ ਸਾਹਿਬ 19 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਉੱਘੇ ਸਮਾਜ ਸੇਵੀ ਅਤੇ ਐਡਵੋਕੇਟ ਲੱਖਾ ਸਿੰਘ ਆਜ਼ਾਦ ਨੇ ਤਹਿਸੀਲ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿੱਚ ਨਵੇਂ ਦਫਤਰ ਦਾ ਉਦਘਾਟਨ ਕੀਤਾ ।ਇਸ ਮੌਕੇ ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਗੁਰਦੁਵਾਰਾ ਨੌਵੀ ਪਾਤਿਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਪੰਜ ਪਿਆਰਿਆਂ ਦੀ ਸੇਵਾ ਨਿਭਾ ਰਹੇ ਸਿੰਘ ਸਾਹਿਬਾਨ ਭਾਈ ਅਮਰੀਕ ਸਿੰਘ ਫ਼ੇਰੂਮਾਨ ਵਾਲਿਆਂ ਰਸਮੀਂ ਤੌਰ ਤੇ ਰੀਬਨ ਕੱਟ ਕੇ ਦਫਤਰ ਦਾ ਉਦਘਾਟਨ ਕੀਤਾ । ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਸੂਬਾ ਪ੍ਰਧਾਨ ਹਰਜੀਪ੍ਰੀਤ ਸਿੰਘ ਕੰਗ, ਸਬ ਡਵੀਜਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸੁਖਵਿੰਦਰ ਸਿੰਘ ਚਾਹਲ, ਬਲਵਿੰਦਰ ਸਿੰਘ ਅਠੌਲਾ, ਜਸਪਾਲ ਸਿੰਘ ਗੱਗੜਭਾਣਾ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ, ਨਿਰਮਲ ਸਿੰਘ ਸੰਘਾ, ਜਗੀਰ ਸਿੰਘ ਸਫਰੀ, ਹਰਪ੍ਰੀਤ ਸਿੰਘ ਹੈਪੀ ਬੁਤਾਲਾ, ਸੁਖਦੇਵ ਸਿੰਘ ਪੱਡਾ ਚੇਅਰਮੈਨ ਰਾਮਗੜ੍ਹੀਆ ਵੈਲਫੇਅਰ ਬੋਰਡ ਪੰਜਾਬ, ਅੰਮ੍ਰਿਤਸਰ ਬਾਰ ਐਸੋਸੀਏਸ਼ਨ ਤੋ ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਐਡਵੋਕੇਟ ਬਿਕਰਮਜੀਤ ਸਿੰਘ ਝੰਡ , ਐਡਵੋਕੇਟ ਮਨਜੀਤ ਕੌਰ, ਐਡਵੋਕੇਟ ਹਰਪ੍ਰੀਤ ਸਿੰਘ, ਐਡਵੋਕੇਟ ਜਸ਼ਨਦੀਪ ਸਿੰਘ, ਐਡਵੋਕੇਟ ਅਜੇਵੀਰ ਸਿੰਘ ਅਜਾਦ, ਐਡਵੋਕੇਟ ਹਰਮਨਦੀਪ ਸਿੰਘ ਕਲੇਰ, ਐਡਵੋਕੇਟ ਰਕੇਸ਼ ਗੁਪਤਾ, ਪ੍ਰਧਾਨ ਨਾਜਰ ਸਿੰਘ ਵਡਾਲਾ, ਵਾਇਸ ਪ੍ਰਧਾਨ ਬਲਵਿੰਦਰ ਸਿੰਘ ਮਜਦੂਰ ਯੂਨੀਅਨ, ਜਗਜੀਤ ਸਿੰਘ, ਮਹਿੰਦਰ ਸਿੰਘ, ਵਸੀਕਾ ਨਵੀਸ ਲਾਜਵੰਤ ਵੋਹਰਾ , ਐਡਵੋਕੇਟ ਹਰਮਨਦੀਪ ਸਿੰਘ ਕਲੇਰ, ਐਡਵੋਕੇਟ ਰਕੇਸ਼ ਗੁਪਤਾ, ਪ੍ਰਧਾਨ ਨਾਜਰ ਸਿੰਘ ਵਡਾਲਾ, ਵਾਇਸ ਪ੍ਰਧਾਨ ਬਲਵਿੰਦਰ ਸਿੰਘ ਮਜਦੂਰ ਯੂਨੀਅਨ, ਜਗਜੀਤ ਸਿੰਘ, ਮਹਿੰਦਰ ਸਿੰਘ, ਵਸੀਕਾ ਨਵੀਸ ਲਾਜਵੰਤ ਵੋਹਰਾ ,ਵਸੀਕਾ ਨਵੀਸ ਜਗਦੀਸ਼ ਮਿਤਰ, ਅਸਟਾਮ ਫਰੋਸ ਭਾਰਤ ਭੂਸ਼ਣ, ਅਸਟਾਮ ਫਰੋਸ ਅਮਨਦੀਪ ਸਿੰਘ ਹੈਪੀ , ਮਨਜੀਤ ਸਿੰਘ ਸਠਿਆਲਾ, ਨੰਬਰਦਾਰ ਭੁਪਿੰਦਰ ਸਿੰਘ, ਨੰਬਰਦਾਰ ਮੰਗਲ ਸਿੰਘ ਮਹਿਤਾ ਬਲਜਿੰਦਰ ਸਿੰਘ ਮਹਿਤਾ, ਰਵੀ ਸੇਖੋ, ਸਤਨਾਮ ਸਿੰਘ, ਪ੍ਰੇਮ ਸਿੰਘ ਜੋਗਿੰਦਰ ਸਿੰਘ, ਐਡਵੋਕੇਟ ਅਰਜਨ ਵੋਹਰਾ , ਮਨਜੀਤ ਸਿੰਘ ਚੀਮਾਂਬਾਠ, ਮੁਨਸ਼ੀ ਵਿਸ਼ਾਲਦੀਪ ਸਿੰਘ ਵਡਾਲਾ, ਬਲਕਾਰ ਸਿੰਘ, ਹਰਵਮਤ ਸਿੰਘ ਅਤੇ ਹੋਰ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV